ਵੀਰਵਾਰ, 22 ਅਕਤੂਬਰ, 2026
6 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 142

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 22 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੁਰੀ ਦੀਆਂ ਐਪਸਟੀਨ ਨਾਲ ਤਸਵੀਰਾਂ ਵਾਇਰਲ

### ਆਪੋਜ਼ੀਸ਼ਨ ਦਾ ਸਵਾਲ : ਕੀ ਮੋਦੀ ਜੀ ਦਾ ਸੁਨੇਹਾ ਲੈ ਕੇ ਮਿਲੇ ਸੀ ?



**ਮੁੰਬਈ (ਨਵਾਂ ਜ਼ਮਾਨਾ ਸਰਵਿਸ)**

ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੀਆਂ ਯੌਨ ਅਪਰਾਧੀ ਜੈਫਰੀ ਐਪਸਟੀਨ ਨਾਲ ਤਸਵੀਰਾਂ ਵਾਇਰਲ ਹੋਣ ਤੋਂ ਬਾਅਦ ਸ਼ਿਵ ਸੈਨਾ (ਯੂ ਬੀ ਟੀ) ਦੇ ਨੇਤਾ ਸੰਜੇ ਰਾਉਤ ਨੇ ਬੁੱਧਵਾਰ ਪੁਰੀ ਨੂੰ ਪੁੱਛਿਆ ਕਿ ਉਹ ਕਿਸ ਦਾ ਸੰਦੇਸ਼ ਲੈ ਕੇ ਐਪਸਟੀਨ ਨੂੰ ਮਿਲੇ ਸਨ ਅਤੇ ਕੀ ਇਹ ਪ੍ਰਧਾਨ ਮੰਤਰੀ ਮੋਦੀ ਦਾ ਸੀ।

ਐੱਕਸ 'ਤੇ ਇੱਕ ਪੋਸਟ ਵਿੱਚ ਰਾਊਤ ਨੇ ਕਿਹਾ, "ਮੋਦੀ ਜੀ, ਇੱਕ ਮੰਤਰੀ ਹਰਦੀਪ ਪੁਰੀ ਇਕੱਲੇ ਜੈਫਰੀ ਐਪਸਟੀਨ ਨੂੰ ਮਿਲ ਰਹੇ ਹਨ ? ਉਹ ਮੀਟਿੰਗ ਵਿੱਚ ਕਿਸ ਦਾ ਸੁਨੇਹਾ ਲੈ ਕੇ ਗਏ ? ਇਹ ਸ਼ੁਰੂਆਤ ਹੈ, ਅੱਗੇ ਦੇਖੋ ਕੀ ਹੋਣ ਵਾਲਾ ਹੈ ? ਸ਼ਾਸਨ ਤਬਦੀਲੀ ਹੋਵੇਗੀ! ਜੈ ਹਿੰਦ!"

ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਰਾਊਤ ਨੇ ਐਪਸਟੀਨ ਫਾਈਲਾਂ ਦੇ ਜਾਰੀ ਹੋਣ ਦਾ ਹਵਾਲਾ ਦਿੱਤਾ ਅਤੇ ਐਪਸਟੀਨ ਨਾਲ ਗੱਲਬਾਤ ਬਾਰੇ ਪੁਰੀ ਦੇ ਪਹਿਲਾਂ ਦੇ ਬਿਆਨਾਂ 'ਤੇ ਸਵਾਲ ਉਠਾਉਂਦਿਆਂ ਦੋਸ਼ ਲਗਾਇਆ ਕਿ ਤਸਵੀਰਾਂ ਦੋਵਾਂ ਨੂੰ ਇਕੱਠੇ ਦਿਖਾਉਂਦੀਆਂ ਹਨ। ਉਨ੍ਹਾ ਕਿਹਾ, "ਅਸੀਂ ਇਸ ਬਾਰੇ ਸਿਰਫ ਟਵੀਟ ਹੀ ਨਹੀਂ ਕੀਤਾ ਹੈ; ਇਹ ਮਾਮਲਾ ਪੂਰੇ ਦੇਸ਼ ਵਿੱਚ ਚਰਚਾ ਵਿੱਚ ਹੈ। ਐਪਸਟੀਨ ਫਾਈਲਾਂ ਹੁਣ ਜਨਤਕ ਕਰ ਦਿੱਤੀਆਂ ਗਈਆਂ ਹਨ। ਕੇਂਦਰੀ ਮੰਤਰੀ ਹਰਦੀਪ ਪੁਰੀ, ਜੋ ਕਿ ਮੋਦੀ ਕੈਬਨਿਟ ਦੇ ਮੈਂਬਰ ਹਨ, ਨੇ ਦਾਅਵਾ ਕੀਤਾ ਸੀ ਕਿ ਉਹ ਕਦੇ ਵੀ ਐਪਸਟੀਨ ਨੂੰ ਨਹੀਂ ਮਿਲੇ-ਯਕੀਨਨ ਕਦੇ ਵੀ ਨਿੱਜੀ ਤੌਰ 'ਤੇ ਨਹੀਂ। ਹਾਲਾਂਕਿ ਅਮਰੀਕੀ ਨਿਆਂ ਵਿਭਾਗ ਨੇ ਸੱਚਾਈ ਦਾ ਪਰਦਾਫਾਸ਼ ਕੀਤਾ ਹੈ। ਤਸਵੀਰਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚ ਉਹ ਐਪਸਟੀਨ ਨਾਲ ਪਾਰਟੀ ਕਰਦੇ ਹੋਏ ਦਿਖਾਈ ਦੇ ਰਹੇ ਹਨ; ਤਸਵੀਰਾਂ ਵਿੱਚ ਉਨ੍ਹਾ ਦੇ ਸਾਹਮਣੇ ਐਨਕਾਂ ਅਤੇ ਹੋਰ ਚੀਜ਼ਾਂ ਵੀ ਦਿਖਾਈ ਦਿੰਦੀਆਂ ਹਨ। ਇਸ ਦਾ ਅਸਲ ਵਿੱਚ ਕੀ ਅਰਥ ਹੈ? ਉਹ ਐਪਸਟੀਨ ਨਾਲ ਕਿਉਂ ਮਿਲੇ? ਉਹ ਕਿਸ ਦਾ ਸੁਨੇਹਾ ਲੈ ਕੇ ਗਏ ਸੀ? ਕੀ ਇਹ ਮੋਦੀ ਜੀ ਦਾ ਸੁਨੇਹਾ ਸੀ? ਤੁਸੀਂ ਮੈਨੂੰ ਦੱਸੋ ਅਤੇ ਅਜਿਹਾ ਵਿਅਕਤੀ ਮੋਦੀ ਜੀ ਦੀ ਸਰਕਾਰ ਵਿੱਚ ਮੰਤਰੀ ਹੈ। ਇਹ ਤਾਂ ਸਿਰਫ ਸ਼ੁਰੂਆਤ ਹੈ; ਅਜੇ ਬਹੁਤ ਕੁਝ ਸਾਹਮਣੇ ਆਉਣਾ ਬਾਕੀ ਹੈ। ਬਸ ਜੁੜੇ ਰਹੋ।"

ਕਾਂਗਰਸ ਨੇਤਾ ਸ੍ਰੀਨਿਵਾਸ ਬੀ ਵੀ ਨੇ ਵੀ ਇਸ ਮਾਮਲੇ 'ਤੇ ਸਵਾਲ ਉਠਾਏ ਹਨ ਅਤੇ ਇਸ ਨੂੰ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਹਾਲੀਆ ਮੁੰਬਈ ਫੇਰੀ ਅਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਬਾਰੇ ਹੋਈ ਚਰਚਾ ਨਾਲ ਜੋੜਿਆ। ਉਨ੍ਹਾ ਕਿਹਾ, "ਕੱਲ੍ਹ, ਅਮਰੀਕੀ ਵਿਦੇਸ਼ ਮੰਤਰੀ ਮੁੰਬਈ ਪਹੁੰਚੇ ਅਤੇ ਉਸੇ ਸਮੇਂ ਅਮਰੀਕੀ ਨਿਆਂ ਵਿਭਾਗ ਦੀਆਂ ਫਾਈਲਾਂ ਵਿੱਚੋਂ ਹਰਦੀਪ 'ਐਪਸਟੀਨ' ਪੁਰੀ ਦੀਆਂ ਤਸਵੀਰਾਂ ਸਾਹਮਣੇ ਆਈਆਂ, ਕੀ ਅਮਰੀਕੀ ਵਪਾਰ ਸੌਦੇ ਦੀਆਂ ਤਕਨੀਕੀ ਗੱਲਾਂ ਨੂੰ ਸੁਲਝਾਉਣ ਲਈ ਕੋਈ ਵੀਡੀਓ ਵੀ ਸਾਹਮਣੇ ਆ ਸਕਦੀ ਹੈ...?"

ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਵੀ ਐਪਸਟੀਨ ਨਾਲ ਗੱਲਬਾਤ ਬਾਰੇ ਪੁਰੀ ਦੀਆਂ ਪਹਿਲਾਂ ਦੀਆਂ ਟਿੱਪਣੀਆਂ 'ਤੇ ਸਵਾਲ ਉਠਾਏ। ਪੁਰੀ ਤੇ ਐਪਸਟੀਨ ਦੀ ਫੋਟੋ ਸਾਂਝੀ ਕਰਦੇ ਹੋਏ ਦੀਪਕੇ ਨੇ ਪੁੱਛਿਆ, "ਕੀ ਪੁਰੀ ਨੇ ਦਾਅਵਾ ਨਹੀਂ ਕੀਤਾ ਸੀ ਕਿ ਉਨ੍ਹਾ ਦੀ ਕਦੇ ਵੀ ਐਪਸਟੀਨ ਨਾਲ ਨਿੱਜੀ

• ਬਾਕੀ ਸਫਾ 2 'ਤੇ

## ਨਿੱਜੀਕਰਨ ਤੇ ਭ੍ਰਿਸ਼ਟਾਚਾਰ ਖਿਲਾਫ ਮਜ਼ਬੂਤ ਜਨਤਕ ਲਹਿਰ ਖੜ੍ਹੀ ਕਰਨ ਦਾ ਸੱਦਾ

### ਉਤਸ਼ਾਹ ਨਾਲ ਮਨਾਈ ਗਈ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 38ਵੀਂ ਬਰਸੀ

**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਰੋਡਵੇਜ਼ ਟਰਾਂਸਪੋਰਟ ਵਰਕਰਜ਼ ਯੂਨੀਅਨ ਵੱਲੋਂ ਆਪਣੇ ਮਹਿਬੂਬ ਆਗੂ, ਉੱਘੇ ਮਾਰਕਸਵਾਦੀ ਅਧਿਆਪਕ, ਚੋਟੀ ਦੇ ਕਮਿਊਨਿਸਟ ਅਤੇ ਮੁਲਾਜ਼ਮ ਲਹਿਰ ਦੇ ਸਿਰਮੌਰ ਆਗੂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 38ਵੀਂ ਬਰਸੀ ਬੁੱਧਵਾਰ ਮੋਗਾ ਬੱਸ ਸਟੈਂਡ ਵਿਖੇ ਇਨਕਲਾਬੀ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਵੱਖ-ਵੱਖ ਜਨਤਕ ਜਥੇਬੰਦੀਆਂ, ਮੁਲਾਜ਼ਮ, ਕਿਸਾਨ, ਮਜ਼ਦੂਰ, ਨੌਜਵਾਨ ਅਤੇ ਵਿਦਿਆਰਥੀ, ਨਰੇਗਾ ਕਾਮਿਆਂ ਦੀਆਂ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੇ ਸ਼ਿਰਕਤ ਕਰਦਿਆਂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਅਤੇ ਉਨ੍ਹਾਂ ਦੇ ਅਧੂਰੇ ਕਾਰਜਾਂ ਨੂੰ ਅੱਗੇ ਵਧਾਉਣ ਦਾ ਅਹਿਦ ਲਿਆ।



ਸਮਾਗਮ ਦੀ ਸ਼ੁਰੂਆਤ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਨੇ ਜ਼ਿਲ੍ਹਾ ਪਾਰਟੀ ਅਤੇ ਪਰਵਾਰ ਵੱਲੋਂ ਹਾਜ਼ਰ ਲੋਕਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਮਾਰਕਸਵਾਦੀ ਸਿਧਾਂਤਾਂ ਤੋਂ ਸੇਧ ਲੈਣ ਵਾਲੇ ਸੁਚੇਤ ਅਤੇ ਸਿਧਾਂਤਕ ਤੌਰ 'ਤੇ ਮਜ਼ਬੂਤ ਆਗੂ ਸਨ।ਉਹ ਸਮੱਸਿਆਵਾਂ ਨੂੰ ਦੂਜਿਆਂ ਨਾਲੋਂ ਵਧੇਰੇ ਚੰਗੀ ਤਰ੍ਹਾਂ ਸਮਝਣ ਤੇ ਸਪੱਸ਼ਟ ਢੰਗ ਨਾਲ ਉਹਨਾਂ ਦਾ ਹੱਲ ਕਰਨ ਦੀ ਮੁਹਾਰਤ ਰੱਖਦੇ ਸਨ।ਸੰਘਰਸ਼ ਦੇ ਮੈਦਾਨ ਵਿੱਚ ਉਨ੍ਹਾਂ ਦੀਆਂ ਦਲੀਲਾਂ ਵਿਰੋਧੀਆਂ ਨੂੰ ਵੀ ਪ੍ਰਭਾਵਤ ਕਰਦੀਆਂ ਸਨ। ਉਨ੍ਹਾ ਕਿਹਾ ਕਿ ਪਿਛਲੇ 38 ਸਾਲਾਂ ਤੋਂ ਲਗਾਤਾਰ ਉਨ੍ਹਾ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਇਕੱਠੇ ਹੋਣਾ ਉਹਨਾ ਵੱਲੋਂ ਕੀਤੇ ਕੰਮਾਂ ਅਤੇ ਲੋਕਾਂ ਦੇ ਉਹਨਾਂ ਪ੍ਰਤੀ ਪਿਆਰ ਨੂੰ ਦਰਸਾਉਂਦਾ ਹੈ।

ਏਟਕ ਦੇ ਸਕੱਤਰ ਵਿਦਿਆ ਗਿਰੀ ਸਾਗਰ ਨੇ ਕਿਹਾ ਕਿ ਪਬਲਿਕ ਸੈਕਟਰ ਸਮਾਜ ਦੀ ਆਰਥਿਕਤਾ ਅਤੇ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਦੀ ਪੂਰਤੀ ਦਾ ਅਹਿਮ ਆਧਾਰ ਹੈ। ਸਰਕਾਰੀ ਅਦਾਰਿਆਂ ਦੀ ਰਾਖੀ ਕਰਨਾ ਸਮੇਂ ਦੀ ਮੁੱਖ ਲੋੜ ਹੈ, ਕਿਉਂਕਿ ਆਮ ਲੋਕਾਂ ਨੂੰ ਸਿੱਖਿਆ, ਸਿਹਤ, ਆਵਾਜਾਈ ਅਤੇ ਹੋਰ ਜ਼ਰੂਰੀ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ ਕਾਰਨ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਵਧ ਰਿਹਾ ਹੈ ਅਤੇ ਨਿੱਜੀ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਦਾ ਟਾਕਰਾ ਕਰਨ ਅਤੇ ਪਬਲਿਕ ਸੈਕਟਰ ਦੀ ਰਾਖੀ ਲਈ ਮਜ਼ਬੂਤ ਜਨਤਕ ਲਹਿਰ ਖੜ੍ਹੀ ਕਰਨ ਦੀ ਲੋੜ ਹੈ। ਇਹੀ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਸੀ ਪੀ ਆਈ ਪੰਜਾਬ ਦੇ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਅੱਜ ਲੋਕਤੰਤਰੀ ਅਤੇ ਸੰਵਿਧਾਨਕ ਹੱਕਾਂ ਨੂੰ ਕੁਚਲਿਆ ਜਾ ਰਿਹਾ ਹੈ। ਮੌਜੂਦਾ ਦੌਰ ਵਿੱਚ ਲੋਕਾਂ ਦੇ ਬੋਲਣ, ਧਰਨਾ ਦੇਣ, ਪ੍ਰਦਰਸ਼ਨ ਕਰਨ ਅਤੇ ਇਥੋਂ ਤੱਕ ਕਿ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਉਣ ਤੋਂ ਵੀ ਰੋਕਿਆ ਜਾ ਰਿਹਾ। ਉਨ੍ਹਾ ਲਾਲ ਝੰਡੇ ਦੀ ਅਗਵਾਈ ਹੇਠ ਲੋਕਾਂ ਨੂੰ ਇਕੱਠੇ ਹੋ ਕੇ ਮੌਜੂਦਾ ਪ੍ਰਬੰਧ ਵਿੱਚ ਬਦਲਾਅ ਲਈ ਸੰਘਰਸ਼ ਤੇਜ਼ ਕਰਨ ਦਾ ਸੱਦਾ ਦਿੱਤਾ। ਉਨ੍ਹਾ ਕਿਹਾ ਕਿ ਚੋਣ ਪ੍ਰਕਿਰਿਆ ਵਿੱਚ ਬੇਨਿਯਮੀਆਂ ਅਤੇ ਵੋਟਰ ਸੂਚੀਆਂ ਦੀ ਸੋਧ (ਐੱਸ ਆਈ ਆਰ) ਦੇ ਨਾਂਅ 'ਤੇ ਸ਼ਰੇਆਮ ਧਾਂਦਲੀਆਂ ਕੀਤੀਆਂ ਗਈਆਂ ਹਨ।ਚੋਣ ਪ੍ਰਕਿਰਿਆ ਨਾਲ ਸੰਬੰਧਤ ਫ਼ੈਸਲਿਆਂ ਕਾਰਨ 13 ਕਰੋੜ ਲੋਕਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝੇ ਕੀਤਾ ਗਿਆ ਹੈ।ਕਈ ਸੂਬਿਆਂ 'ਚ ਬਣੀਆਂ ਭਾਜਪਾ ਦੀਆਂ ਸਰਕਾਰਾਂ ਦੇ ਨਾਲ ਕੇਂਦਰ ਸਰਕਾਰ ਇਹਨਾਂ ਧਾਂਦਲੀਆਂ ਦਾ ਹੀ ਨਤੀਜਾ ਹਨ। ਅੱਜ ਦੇਸ਼ ਦੀ ਨਵੀਂ ਪੀੜ੍ਹੀ ਜੈੱਨ ਜ਼ੀ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਲੈ ਕੇ ਦੱਸ ਦਿੱਤਾ ਕਿ ਨੌਜਵਾਨ ਕਦੇ ਵੀ ਹੋ ਰਹੀਆਂ ਘਪਲੇਬਾਜ਼ੀਆਂ ਨੂੰ ਬਰਦਾਸ਼ਤ ਨਹੀਂ ਕਰਨਗੇ ਤੇ ਹੁਣ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਤੇ ਕੇਂਦਰ ਦੀ ਸਰਕਾਰ ਨਿਸ਼ਾਨੇ 'ਤੇ ਹੈ। ਧਾਲੀਵਾਲ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਹਾਲਤ, ਗੈਂਗਸਟਰਵਾਦ, ਨਸ਼ਿਆਂ ਦੀ ਭਰਮਾਰ, ਭ੍ਰਿਸ਼ਟਾਚਾਰ ਦੀ ਸਥਿਤੀ ਇਹ ਹੈ ਕਿ ਕਤਲ ਹੋਣਾ ਆਮ ਘਟਨਾ ਬਣ ਗਿਆ ਹੈ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਸਰਕਾਰ ਦਾ ਵਿਹਾਰ ਦੁਸ਼ਮਣੀ ਵਾਲਾ ਹੈ। ਉਹਨਾਂ ਦੀਆਂ ਮੰਗਾਂ ਨੂੰ ਦਰਕਿਨਾਰ ਕਰਨ ਲਈ ਮਹਿੰਗੇ ਵਕੀਲ ਕੀਤੇ ਜਾ ਰਹੇ ਹਨ।

ਪੰਜਾਬ ਯੂਨੀਵਰਸਿਟੀ ਦੇ ਸੈਨੇਟਰ ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਸਰਕਾਰ ਲੋਕਾਂ ਨੂੰ ਫਿਰਕਿਆਂ, ਜਾਤਾਂ ਵਿੱਚ ਵੰਡ ਕੇ ਆਪਣੀਆਂ ਸਿਆਸੀ ਰੋਟੀਆਂ ਸੇਕ ਰਹੀ ਹੈ। ਕਾਲਜ ਯੂਨੀਵਰਸਿਟੀ ਵਰਗੇ ਸਰਬ-ਸਾਂਝੇ ਅਦਾਰਿਆਂ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ, ਜੋ ਭਾਰਤ ਵਰਗੇ ਮੁਲਕ ਦੇ ਸੰਵਿਧਾਨ ਦੀ ਮੂਲ ਭਾਵਨਾ ਦੇ ਬਿਲਕੁਲ ਉਲਟ ਹੈ। ਚੰਗੀ ਸਿੱਖਿਆ ਅਤੇ ਸਸਤਾ ਇਲਾਜ ਲੋਕਾਂ ਦਾ ਬੁਨਿਆਦੀ ਹੱਕ ਹੈ, ਜਿਸ ਤੋਂ ਸਮਾਜ ਨੂੰ ਵਾਂਝੇ ਕੀਤਾ ਜਾ ਰਿਹਾ ਹੈ।ਇੱਕ ਪਾਸੇ ਦੇਸ਼ ਦੇ ਅੰਨ ਭੰਡਾਰ ਖੁੱਲ੍ਹੇ ਅਸਮਾਨ ਥੱਲੇ ਖਰਾਬ ਹੋ ਰਹੇ ਹਨ, ਦੂਜੇ ਪਾਸੇ ਕੁਪੋਸ਼ਣ ਅਤੇ ਭੁੱਖਮਰੀ ਦੇ ਅੰਕੜੇ ਲਗਾਤਾਰ ਵਧ ਰਹੇ ਹਨ। ਪੰਜਾਬ ਦਾ ਪਾਣੀ ਦਿਨੋ-ਦਿਨ ਡੂੰਘਾ ਹੋ ਰਿਹਾ ਹੈ। ਸੱਤਾਧਾਰੀ ਪਾਰਟੀਆਂ ਲਈ ਇਹ ਸਵਾਲ ਗੰਭੀਰ ਹੋਣਾ ਚਾਹੀਦਾ ਹੈ, ਪਰ ਇਸ ਦੇ ਉਲਟ ਉਹ ਕੇਵਲ ਲਾਲਚੀ ਵਾਅਦੇ ਕਰਕੇ ਆਪਣੀਆਂ ਕੁਰਸੀਆਂ ਪੱਕੀਆਂ ਕਰ ਰਹੇ ਹਨ ਅਤੇ ਲੋਕ ਵਾਰ-ਵਾਰ ਠੱਗੇ ਜਾ ਰਹੇ ਹਨ। ਬਿਹਤਰ ਸਮਾਜ ਬਣਾਉਣ ਲਈ ਯਤਨਸ਼ੀਲ ਧਿਰਾਂ ਨੂੰ ਪਛਾਣ ਕੇ ਲੋਕ ਲਹਿਰਾਂ ਨੂੰ ਹੋਰ ਵੱਡਾ ਕਰਨਾ ਹੀ ਬਾਈ ਨਛੱਤਰ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਨੇ ਕਿਹਾ ਕਿ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਉਨ੍ਹਾਂ ਸੁਚੇਤ ਟਰੇਡ ਯੂਨੀਅਨ ਆਗੂਆਂ ਵਿੱਚੋਂ ਸਨ, ਜਿਨ੍ਹਾਂ ਪਬਲਿਕ ਸੈਕਟਰ ਦੀ ਰਾਖੀ ਅਤੇ ਭ੍ਰਿਸ਼ਟਾਚਾਰ ਵਿਰੁੱਧ ਸੰਘਰਸ਼ ਨੂੰ ਨਾਲੋ-ਨਾਲ ਅੱਗੇ ਵਧਾਇਆ। ਉਨ੍ਹਾ ਸਰਕਾਰੀ ਅਦਾਰਿਆਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਯਤਨ ਕਰਨ ਦੇ ਨਾਲ-ਨਾਲ ਜਥੇਬੰਦੀਆਂ ਨੂੰ ਮਜ਼ਬੂਤ ਕਰਨ ਅਤੇ ਸਿਧਾਂਤਕ ਤੌਰ 'ਤੇ ਮਜ਼ਬੂਤ ਆਗੂ ਤਿਆਰ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ। ਉਨ੍ਹਾ ਕਿਹਾ ਕਿ 'ਨਛੱਤਰ ਸਿੰਘ

• ਬਾਕੀ ਸਫਾ 2 'ਤੇ

### ਸੰਜੇ ਸਿੰਘ ਨੇ ਦੋਸ਼ ਝੁਠਲਾਏ

**ਲੁਧਿਆਣਾ** : ਆਪ ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਬੁੱਧਵਾਰ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਦਾਇਰ ਅਪਰਾਧਕ ਮਾਣਹਾਨੀ ਦੇ ਕੇਸ ਵਿੱਚ ਆਪਣੇ ਉੱਤੇ ਲੱਗੇ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਝੂਠਾ ਅਤੇ ਬੇਬੁਨਿਆਦ ਦੱਸਿਆ। ਸੁਣਵਾਈ ਦੌਰਾਨ ਸੰਜੇ ਸਿੰਘ ਨੇ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਗਲਤ ਦੱਸਿਆ, ਜਿਨ੍ਹਾਂ ਵਿੱਚ ਮਜੀਠੀਆ ਨੇ ਉਨ੍ਹਾ 'ਤੇ ਪੰਜਾਬ ਅੰਦਰ ਨਸ਼ਾ ਤਸਕਰੀ ਨਾਲ ਨਾਂਅ ਜੋੜ ਕੇ ਇਤਰਾਜ਼ਯੋਗ ਬਿਆਨਬਾਜ਼ੀ ਕਰਨ ਦੇ ਦੋਸ਼ ਲਾਏ ਸਨ। ਐਡੀਸ਼ਨਲ ਚੀਫ ਜੁਡੀਸ਼ੀਅਲ ਮੈਜਿਸਟਰੇਟ ਡੇਜ਼ੀ ਬੰਗੜ ਨੇ ਮਾਮਲੇ ਦੀ ਅੰਤਮ ਬਹਿਸ ਲਈ 10 ਨਵੰਬਰ ਦੀ ਤਰੀਕ ਮੁਕੱਰਰ ਕੀਤੀ ਹੈ।

### ਕੈਨੇਡਾ 'ਚ ਸੜਕ ਹਾਦਸੇ 'ਚ ਨੌਜਵਾਨ ਪੰਜਾਬੀ ਦੀ ਮੌਤ



**ਵੈਨਕੂਵਰ** : ਇੱਥੋਂ 300 ਕਿਲੋਮੀਟਰ ਦੂਰ ਉੱਤਰ-ਪੂਰਬ ਵੱਲ ਜਾਂਦੇ 5 ਨੰਬਰ ਹਾਈਵੇਅ (ਕੋਕਾਹਾਲਾ) ਉੱਤੇ ਦੋ ਵਾਹਨਾਂ ਦੀ ਸਿੱਧੀ ਟੱਕਰ ਕਾਰਨ ਇੱਕ ਕਾਰ 'ਚ ਬੈਠੇ ਚਾਰ ਵਿਅਕਤੀਆਂ ਵਿੱਚੋਂ ਇੱਕ ਦੀ ਮੌਤ ਹੋ ਗਈ ਤੇ ਗਲਤ ਪਾਸਿਓਂ ਟੱਕਰ ਮਾਰਨ ਵਾਲੇ ਵਾਹਨ ਚਾਲਕ ਸਮੇਤ ਚਾਰ ਲੋਕ ਜ਼ਖਮੀ ਹੋ ਗਏ। ਮ੍ਰਿਤਕ ਦੀ ਪਛਾਣ ਸਰੀ ਦੇ ਜਸਕਰਨ ਸਿੰਘ (23) ਵਜੋਂ ਕੀਤੀ ਗਈ ਹੈ। ਜ਼ਖਮੀ ਹੋਣ ਵਾਲੇ 24 ਤੋਂ 38 ਸਾਲ ਦੇ ਦੱਸੇ ਗਏ ਹਨ। ਪੁਲਸ ਨੇ ਦੱਸਿਆ ਕਿ ਮੈਰਿਟ ਵੱਲੋਂ ਦੱਖਣ ਪਾਸੇ ਜਾ ਰਹੇ ਕਾਲੇ ਰੰਗ ਦੀ ਪਿੱਕ-ਅੱਪ ਦਾ ਡਰਾਈਵਰ ਉੱਤਰ ਵੱਲ ਆ ਰਹੀ ਟਰੈਫਿਕ ਵਾਲੇ ਪਾਸੇ ਚਲਾ ਗਿਆ ਤੇ ਕਾਰ ਨੂੰ ਸਿੱਧੀ ਟੱਕਰ ਮਾਰ ਦਿੱਤੀ।

## ਲੋਕ ਸ਼ਕਤੀ ਨੇ ਸਰਕਾਰਾਂ ਨੂੰ ਸੋਚਣ ਲਈ ਕੀਤਾ ਮਜਬੂਰ : ਅਰਸ਼ੀ

**ਮਾਨਸਾ (ਆਤਮਾ ਸਿੰਘ ਪਮਾਰ)**

ਪਰਮਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਦੇ ਬੁੱਧਵਾਰ ਅੱਠਵੇਂ ਦਿਨ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕ ਸ਼ਕਤੀ ਤੇ ਲੋਕ ਰੋਹ ਨੇ ਕੇਂਦਰ ਤੇ ਸੂਬਾਈ ਸਰਕਾਰਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ।ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਝੋਟਾ ਦੇ ਘਰ ਆਉਣਾ ਤੇ ਮੁੱਖ ਮੰਤਰੀ ਵੱਲੋਂ ਸੀ ਬੀ ਆਈ ਦੀ ਇਨਕੁਆਰੀ ਸੰਬੰਧੀ ਦਿੱਤਾ ਬਿਆਨ ਇਸ ਗੱਲ ਦੀ ਗਵਾਹੀ ਭਰਦੇ ਹਨ।ਉਨ੍ਹਾ ਕਿਹਾ



ਕਿ ਨਸ਼ਾ ਤਸਕਰਾਂ, ਸਿਆਸੀ ਤੇ ਸਰਕਾਰੀ ਤੰਤਰ ਦੇ ਗੱਠਜੋੜ ਨੂੰ ਤੋੜੇ ਬਿਨਾਂ ਨੌਜਵਾਨਾਂ ਦੀਆਂ ਹੋ ਰਹੀਆਂ ਮੌਤਾਂ ਨੂੰ ਨਹੀਂ ਰੋਕਿਆ ਜਾ ਸਕਦਾ। ਉਨ੍ਹਾ ਕਿਹਾ ਕਿ ਝੋਟਾ ਕਤਲ ਕਾਂਡ 'ਚ ਸ਼ਾਮਲ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਤੇ ਇਨਸਾਫਪਸੰਦ ਲੋਕਾਂ ਵਲੋਂ ਰੱਖੀਆਂ ਮੰਗਾਂ ਤੁਰੰਤ ਮੰਨੀਆਂ ਜਾਣ। ਉਨ੍ਹਾ ਐਕਸ਼ਨ ਕਮੇਟੀ ਤੇ ਪਰਵਾਰ ਨੂੰ ਵਿਸ਼ਵਾਸ ਦਵਾਇਆ ਕਿ ਭਵਿੱਖ 'ਚ ਅੰਦੋਲਨ ਦੀ ਜਿੱਤ ਤੱਕ ਪਾਰਟੀ ਆਪਣੀ ਸਮੁੱਚੀ ਸ਼ਕਤੀ ਝੋਕਣ ਤੋਂ ਗੁਰੇਜ਼ ਨਹੀਂ ਕਰੇਗੀ।

## ਡੀ ਐੱਸ ਪੀ ਤੇ ਡਰੱਗ ਇੰਸਪੈਕਟਰ ਮੁਅੱਤਲ, ਸੀ ਬੀ ਆਈ ਵੱਲੋਂ ਜਾਂਚ ਸ਼ੁਰੂ

**ਮਾਨਸਾ (ਨ ਜ਼ ਸ)**-ਪਰਮਿੰਦਰ ਸਿੰਘ ਝੋਟਾ ਦੀ ਹੱਤਿਆ ਦੇ ਮਾਮਲੇ ਵਿੱਚ ਡੀ ਐੱਸ ਪੀ ਸਬ-ਡਿਵੀਜ਼ਨ ਮਾਨਸਾ ਹਰਜਿੰਦਰ ਸਿੰਘ ਗਿੱਲ ਅਤੇ ਡਰੱਗ ਇੰਸਪੈਕਟਰ ਨਰੇਸ਼ ਕੁਮਾਰ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਇਸਤੋਂ ਪਹਿਲਾਂ ਐੱਸ ਐੱਚ ਓ ਸਿਟੀ-2 ਬੇਅੰਤ ਕੌਰ ਨੂੰ ਮੁਅੱਤਲ ਕੀਤਾ ਗਿਆ ਸੀ।

ਝੋਟਾ ਕਤਲ ਮਾਮਲੇ ਦੀ ਜਾਂਚ ਆਪਣੇ ਹੱਥ ਵਿੱਚ ਲੈ ਕੇ ਸੀ ਬੀ ਆਈ ਦੀਆਂ ਟੀਮਾਂ ਬੁੱਧਵਾਰ ਮਾਨਸਾ ਵਿੱਚ ਵੱਖ-ਵੱਖ ਥਾਵਾਂ 'ਤੇ ਪਹੁੰਚ ਕੇ ਸਬੂਤ ਇਕੱਠੇ ਕਰਨ ਅਤੇ ਮਾਮਲੇ ਨਾਲ ਸੰਬੰਧਤ ਜਾਣਕਾਰੀਆਂ ਜੁਟਾਉਣ ਵਿੱਚ ਰੁਝ ਗਈਆਂ। ਫੋਰੈਂਸਿਕ ਟੀਮ ਨੇ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ 'ਤੇ ਸੈਂਪਲ ਇਕੱਠੇ ਕੀਤੇ। ਨਾਲ ਲੱਗਦੀਆਂ ਦੁਕਾਨਾਂ ਦੇ ਮਾਲਕਾਂ ਤੋਂ ਵੀ ਪੁੱਛਗਿੱਛ ਕੀਤੀ। ਇਕ ਟੀਮ ਨੇ ਜੁੱਤੀਆਂ ਦੀ ਉਸ ਦੁਕਾਨ 'ਤੇ ਵੀ ਜਾਂਚ ਕੀਤੀ, ਜਿੱਥੇ ਝੋਟਾ ਆਖਰੀ ਵਾਰ ਡਿੱਗੇ ਸਨ। ਇੱਥੇ ਵੀ ਫੋਰੈਂਸਿਕ ਟੀਮ ਨੇ ਸੈਂਪਲ ਲਏ। ਸੀ ਬੀ ਆਈ ਦੇ ਅਧਿਕਾਰੀਆਂ ਨੇ ਸਵੇਰੇ ਝੋਟੇ ਦੇ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਜਾਣਕਾਰੀ ਹਾਸਲ ਕੀਤੀ। ਇਸੇ ਦੌਰਾਨ ਝੋਟਾ ਦੀ ਪਤਨੀ ਮਨਪ੍ਰੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਅਫਵਾਹਾਂ 'ਤੇ ਧਿਆਨ ਨਾ ਦਿੱਤਾ ਜਾਵੇ। ਝੋਟਾ ਦੇ ਪੋਸਟ ਮਾਰਟਮ ਨੂੰ ਲੈ ਕੇ ਸ਼ਾਮ ਤੱਕ ਫੈਸਲਾ ਨਹੀਂ ਹੋ ਸਕਿਆ ਸੀ।

### ਨਸ਼ਾ-ਵਿਰੋਧੀ ਮੁਹਿੰਮਾਂ 'ਚ ਸਵਾ ਲੱਖ ਤੋਂ ਵੱਧ ਗ੍ਰਿਫ਼ਤਾਰੀਆਂ : ਡੀ ਜੀ ਪੀ



**ਜਲੰਧਰ (ਸ਼ੈਲੀ ਐਲਬਰਟ)**-ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਅੱਤਵਾਦੀਆਂ ਤੇ ਅਪਰਾਧੀਆਂ ਨਾਲ ਲੜਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਪੁਲਸ ਮੁਲਾਜ਼ਮਾਂ ਦੇ ਸਨਮਾਨ ਵਿੱਚ ਬੁੱਧਵਾਰ ਇੱਥੇ ਪੀ ਏ ਪੀ ਵਿਖੇ 67ਵਾਂ ਰਾਜ-ਪੱਧਰੀ ਪੁਲਸ ਯਾਦਗਾਰੀ ਦਿਵਸ ਮਨਾਇਆ ਗਿਆ। ਡੀ ਜੀ ਪੀ ਗੌਰਵ ਯਾਦਵ ਨੇ ਸ਼ਰਧਾਂਜਲੀ ਸਮਾਗਮ ਦੀ ਅਗਵਾਈ ਕੀਤੀ। ਸਮਾਗਮ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਯਾਦਵ ਨੇ ਕਿਹਾ ਕਿ ਪੰਜਾਬ ਪੁਲਸ ਨੇ ਨਸ਼ਿਆਂ ਦੇ ਕਾਰੋਬਾਰ 'ਤੇ ਕਰਾਰੀ ਸੱਟ ਮਾਰੀ ਹੈ। ਉਨ੍ਹਾ ਦੱਸਿਆ ਕਿ 16 ਮਾਰਚ 2022 ਤੋਂ ਲੈ ਕੇ ਹੁਣ ਤੱਕ ਐੱਨ ਡੀ ਪੀ ਐੱਸ ਐਕਟ ਤਹਿਤ 95,000 ਤੋਂ ਵੱਧ ਮਾਮਲੇ ਦਰਜ ਕੀਤੇ ਗਏ ਹਨ, ਜਿਸ ਦੇ ਨਤੀਜੇ ਵਜੋਂ 1,27,000 ਤੋਂ ਵੱਧ ਗ੍ਰਿਫਤਾਰੀਆਂ ਹੋਈਆਂ ਹਨ ਅਤੇ 7,260 ਕਿੱਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਹੈ। ਨਸ਼ਾ ਤਸਕਰਾਂ

• ਬਾਕੀ ਸਫਾ 2 'ਤੇ

## ਐੱਸ ਬੀ ਆਈ ਦੇ ਗਾਹਕਾਂ ਦੀ ਨਿੱਜੀ ਜਾਣਕਾਰੀ ਲੀਕ !

**ਨਵੀਂ ਦਿੱਲੀ (ਨ ਜ਼ ਸ)**

ਦੇਸ਼ ਦੇ ਸਭ ਤੋਂ ਵੱਡੇ ਸਰਕਾਰੀ ਬੈਂਕ, ਸਟੇਟ ਬੈਂਕ ਆਫ ਇੰਡੀਆ ਦੇ ਹਜ਼ਾਰਾਂ ਗਾਹਕਾਂ ਦੀ ਨਿੱਜੀ ਜਾਣਕਾਰੀ ਡਾਰਕ ਵੈੱਬ 'ਤੇ ਲੀਕ ਹੋਣ ਦਾ ਖਦਸ਼ਾ ਹੈ। ਇਸ ਸੰਬੰਧੀ ਜਾਣਕਾਰੀ ਮਿਲਦਿਆਂ ਹੀ ਬੈਂਕ ਵੱਲੋਂ ਉੱਚ ਪੱਧਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਹਾਲਾਂਕਿ, ਬੈਂਕ ਨੇ ਆਪਣੇ ਗਾਹਕਾਂ ਨੂੰ ਭਰੋਸਾ ਦਿਵਾਇਆ ਹੈ ਕਿ ਇਸ ਘਟਨਾ ਨਾਲ ਉਨ੍ਹਾਂ ਦੇ ਮੁੱਖ ਕਾਰੋਬਾਰ ਅਤੇ ਬੈਂਕਿੰਗ ਸੇਵਾਵਾਂ 'ਤੇ ਕੋਈ ਮਾੜਾ ਅਸਰ ਨਹੀਂ ਪਿਆ ਹੈ।

ਬੈਂਕ ਨੂੰ 16 ਅਕਤੂਬਰ ਨੂੰ ਆਪਣੇ ਖਤਰੇ ਦੀ ਖੁਫੀਆ ਜਾਣਕਾਰੀ ਦੇਣ ਵਾਲੇ ਸੇਵਾ ਪ੍ਰਦਾਤਾ, 'ਡਿਫੈਂਸ ਸਾਈਬਰ ਏਜੰਸੀ' ਅਤੇ ਭਾਰਤੀ ਸਾਈਬਰ ਸੁਰੱਖਿਆ ਏਜੰਸੀ 'ਸਰਟ-ਇਨ' ਤੋਂ ਇਸ ਲੀਕ ਸੰਬੰਧੀ ਅਲਰਟ ਪ੍ਰਾਪਤ ਹੋਏ ਸਨ। ਡਾਰਕ ਵੈੱਬ 'ਤੇ ਮੌਜੂਦ ਲਗਪਗ 3.75 ਲੱਖ ਰਿਕਾਰਡਾਂ ਦੀ ਸ਼ੁਰੂਆਤੀ ਪੜਤਾਲ ਤੋਂ ਬਾਅਦ ਇਹ ਪਾਇਆ ਗਿਆ ਕਿ ਲਗਪਗ 3,897 ਗਾਹਕਾਂ ਦੀ ਅਹਿਮ ਜਾਣਕਾਰੀ ਜਨਤਕ ਹੋਈ ਹੈ। ਸਾਈਬਰ ਖਤਰੇ ਦੀ ਸੂਚਨਾ ਮਿਲਦੇ ਹੀ ਬੈਂਕ ਨੇ ਤੁਰੰਤ ਆਪਣੀ ਸਾਈਬਰ ਘਟਨਾ ਪ੍ਰਤੀਕਿਰਿਆ ਅਤੇ ਰੋਕਥਾਮ ਪ੍ਰੋਟੋਕੋਲ ਨੂੰ ਸਰਗਰਮ ਕਰ ਦਿੱਤਾ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਸਰਟ-ਇਨ ਦੁਆਰਾ ਸੂਚੀਬੱਧ ਇੱਕ ਸੁਤੰਤਰ ਸਾਈਬਰ ਸੁਰੱਖਿਆ ਏਜੰਸੀ ਨੂੰ ਜਾਂਚ ਦਾ ਜ਼ਿੰਮਾ ਸੌਂਪਿਆ ਗਿਆ ਹੈ। ਇਹ ਏਜੰਸੀ ਲੀਕ ਹੋਏ ਡਾਟਾ ਦੀ ਅਸਲੀਅਤ, ਇਸ ਦੇ ਸਰੋਤ ਅਤੇ ਗਾਹਕਾਂ 'ਤੇ ਹੋਣ ਵਾਲੇ ਸੰਭਾਵੀ ਜੋਖਮਾਂ ਦਾ ਵਿਸਤ੍ਰਿਤ ਮੁਲਾਂਕਣ ਕਰ ਰਹੀ ਹੈ। ਬੈਂਕ ਨੇ ਆਪਣੀ ਰੈਗੂਲੇਟਰੀ ਫਾਈਲਿੰਗ ਵਿੱਚ ਸਪੱਸ਼ਟ ਕੀਤਾ ਹੈ ਕਿ ਇਸ ਘਟਨਾ ਦਾ ਬੈਂਕ ਦੇ ਮੁੱਖ ਕਾਰੋਬਾਰੀ ਕਾਰਜਾਂ, ਵਿੱਤੀ ਕਾਰਗੁਜ਼ਾਰੀ ਜਾਂ ਸੇਵਾਵਾਂ ਦੀ ਨਿਰੰਤਰਤਾ 'ਤੇ ਕੋਈ ਅਸਰ ਨਹੀਂ ਪਿਆ ਹੈ। ਬੈਂਕ ਦੀਆਂ ਸਾਰੀਆਂ ਮੁੱਖ ਸੇਵਾਵਾਂ ਬਿਨਾਂ ਕਿਸੇ ਰੁਕਾਵਟ ਦੇ ਆਮ ਵਾਂਗ ਚੱਲ ਰਹੀਆਂ ਹਨ। ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਰੈਗੂਲੇਟਰੀ ਨਿਯਮਾਂ ਅਨੁਸਾਰ ਬਚਾਅ ਦੇ ਸਾਰੇ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ।

ਇਹ ਘਟਨਾ ਅਜਿਹੇ ਸਮੇਂ ਸਾਹਮਣੇ ਆਈ ਹੈ ਜਦੋਂ ਪਿਛਲੇ ਹਫਤੇ ਹੀ ਸਰਟ-

• ਬਾਕੀ ਸਫਾ 2 'ਤੇ

### ਸੌਰਵ ਦਾਸ ਤੇ ਆਸ਼ੂਤੋਸ਼ ਰਾਂਕਾ ਨੂੰ ਰਿਹਾਅ ਕਰਨ ਦਾ ਹੁਕਮ

**ਨਵੀਂ ਦਿੱਲੀ** : ਵਿਸ਼ੇਸ਼ ਕਾਰਜਕਾਰੀ ਮੈਜਿਸਟਰੇਟ ਨੇ 14 ਅਕਤੂਬਰ ਨੂੰ ਜੰਤਰ-ਮੰਤਰ 'ਤੇ ਹੋਏ ਪ੍ਰਦਰਸ਼ਨ ਦੇ ਸਬੰਧ ਵਿੱਚ



ਨਿਆਇਕ ਹਿਰਾਸਤ ਦੀ ਮਿਆਦ ਖਤਮ ਹੋਣ ਤੋਂ ਬਾਅਦ ਬੁੱਧਵਾਰ ਨੂੰ ਸੀ ਜੇ ਪੀ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰਾਂਕਾ ਨੂੰ ਰਿਹਾਅ ਕਰਨ ਦੇ ਹੁਕਮ ਦਿੱਤੇ ਹਨ। ਦੋਵਾਂ ਨੂੰ ਮੈਜਿਸਟਰੇਟ ਅੱਗੇ ਪੇਸ਼ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਜ਼ਮਾਨਤਾਂ ਪੇਸ਼ ਕੀਤੀਆਂ ਗਈਆਂ। ਪਹਿਲਾਂ ਦਿਨ ਵੇਲੇ ਦਿੱਲੀ ਹਾਈ ਕੋਰਟ ਨੇ ਦਾਸ ਅਤੇ ਰਾਂਕਾ ਦੀ ਨਿਆਇਕ ਹਿਰਾਸਤ ਦੇ ਮਾਮਲੇ ਵਿੱਚ ਦਖਲ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਹਾਈ ਕੋਰਟ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਅਮਨ-ਸ਼ਾਂਤੀ ਬਣਾਏ ਰੱਖਣ ਲਈ ਦਿੱਤੇ ਗਏ ਮੁਚੱਲਕੇ (ਬਾਂਡ) ਦੇ ਅਗਲੇ ਹੀ ਦਿਨ ਉਸ ਦੀ ਉਲੰਘਣਾ ਕੀਤੀ ਸੀ।

### ਡਰਾਈਵਰ ਗੰਭੀਰ ਜ਼ਖਮੀ

**ਰੂਪਨਗਰ** : ਸੰਤ ਕਰਮ ਸਿੰਘ ਅਕੈਡਮੀ ਦੀ ਬੱਚੇ ਛੱਡ ਕੇ ਵਾਪਸ ਪਰਤ ਰਹੀ ਬੱਸ ਬੁੱਧਵਾਰ ਜਲੰਧਰ ਬਾਈਪਾਸ 'ਤੇ ਡਰੀਮ ਪੈਲੇਸ ਨੇੜੇ ਸੜਕ 'ਤੇ ਪਏ ਖੱਡੇ ਕਾਰਨ ਬੇਕਾਬੂ ਹੋ ਕੇ ਪਲਟ ਗਈ, ਜਿਸ ਦੌਰਾਨ ਡਰਾਈਵਰ



ਵਿਜੇ ਕੁਮਾਰ ਗੰਭੀਰ ਜ਼ਖਮੀ ਹੋ ਗਿਆ। ਸ਼ੇਰੇ ਪੰਜਾਬ ਸਪੋਰਟਸ ਕਲੱਬ ਸ਼ਾਮਪੁਰਾ ਦੇ ਪ੍ਰਧਾਨ ਅਮਰਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਬਾਈਪਾਸ 'ਤੇ ਪਏ ਡੂੰਘੇ ਖੱਡਿਆਂ ਕਾਰਨ ਆਏ ਦਿਨ ਛੋਟੇ-ਮੋਟੇ ਹਾਦਸੇ ਵਾਪਰਦੇ ਰਹਿੰਦੇ ਹਨ ਅਤੇ ਲੰਬੇ ਰੂਟ 'ਤੇ ਜਾਣ ਵਾਲੇ ਕਈ ਵਾਹਨਾਂ ਦੇ ਰਾਤ ਦੇ ਹਨੇਰੇ ਦੌਰਾਨ ਰਿੰਮ ਟੁੱਟ ਚੁੱਕੇ ਹਨ।

### ਅੱਜ-ਨਾਮਾ

ਆਦਮੀ ਆਮ ਦੀ ਸਮਝ ਨਾ ਆਏ ਬੇਲੀ,
ਰਾਜਸੀ ਕਿਰਦਾਰ ਤਾਂ ਬੜਾ ਮਹੀਨ ਬੇਲੀ।
ਨੌਟੰਕੀ ਅੱਜ ਉਹ ਨਿਕਲਦੀ ਬਾਤ ਡਿੱਠੀ,
ਜੀਹਦੇ 'ਤੇ ਕੱਲ੍ਹ ਸੀ ਬਹੁਤ ਯਕੀਨ ਬੇਲੀ।
ਸੁਫਨੇ ਚੋਣਾਂ ਵਿੱਚ ਜਿਵੇਂ ਦਿਖਲਾਏ ਜਾਂਦੇ,
ਇੱਕ ਤੋਂ ਇੱਕ ਉਹ ਬਹੁਤ ਹੁਸੀਨ ਬੇਲੀ।
ਕੰਮ ਦੀ ਫਸਲ ਤਾਂ ਕਦੇ ਨਾ ਨਜ਼ਰ ਆਵੇ,
ਫੈਲ ਗਿਆ ਫਸਲ ਤੋਂ ਵੱਧ ਨਦੀਨ ਬੇਲੀ।
ਕਿਹੜਾ ਸੱਚਾ ਜਾਂ ਕਿਹੜੇ ਨੂੰ ਝੂਠ ਕਹੀਏ,
ਮੁਸ਼ਕਲ ਬਹੁਤ ਨਿਬੇੜਾ ਈ ਕਰਨ ਬੇਲੀ।
ਚੱਲਦਾ ਨਿੱਤ ਗੰਵਾਰਾਂ ਦਾ ਸ਼ੁਗਲ ਰਹਿੰਦਾ,
ਚੱਲੇ ਚਿੜੀਆਂ ਦਾ ਲਗਾਤਾਰ ਮਰਨ ਬੇਲੀ।

-ਤੀਸ ਮਾਰ ਖਾਂ

## ਯੂ ਐੱਨ ਮਾਹਰਾਂ ਵੱਲੋਂ ਪ੍ਰਦਰਸ਼ਨਕਾਰੀਆਂ 'ਤੇ ਤਾਕਤ ਦੀ ਵਰਤੋਂ ਦੀ ਜਾਂਚ ਦੀ ਮੰਗ

**ਨਿਊ ਯਾਰਕ (ਨ ਜ਼ ਸ)**

ਸੰਯੁਕਤ ਰਾਸ਼ਟਰ (ਯੂ ਐੱਨ) ਦੇ ਮਾਹਰਾਂ ਨੇ ਭਾਰਤ ਵਿੱਚ ਪ੍ਰਦਰਸ਼ਨਾਂ 'ਤੇ ਹਾਲ ਹੀ ਵਿੱਚ ਕੀਤੀ ਗਈ ਕਾਰਵਾਈ ਵਿੱਚ ਅਧਿਕਾਰੀਆਂ ਦੇ ਵਿਵਹਾਰ ਦੀ ਸੁਤੰਤਰ ਜਾਂਚ ਦੀ ਮੰਗ ਕੀਤੀ ਹੈ। ਮਾਹਰਾਂ ਦਾ ਕਹਿਣਾ ਹੈ ਕਿ ਹਾਲ ਹੀ ਦੇ ਹਫਤਿਆਂ ਵਿੱਚ ਭਾਜਪਾ ਦੇ ਹੱਕ ਵਿੱਚ ਭੁਗਤ ਰਹੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਵਿਰੁੱਧ ਆਪੋਜ਼ੀਸ਼ਨ ਪਾਰਟੀਆਂ ਅਤੇ ਵਿਦਿਆਰਥੀ ਸੰਗਠਨਾਂ ਨੇ ਪ੍ਰਦਰਸ਼ਨ ਕੀਤੇ ਹਨ। ਦੋ ਦਰਜਨ ਸੁਤੰਤਰ ਮਾਹਰਾਂ ਨੇ ਇੱਕ ਬਿਆਨ ਵਿੱਚ ਭੀੜ ਨੂੰ ਖਿੰਡਾਉਣ ਲਈ ਡਾਂਗਾਂ ਵਰਤਣ ਦਾ ਹਵਾਲਾ ਦਿੰਦਿਆਂ ਕਿਹਾ, "ਇਕੱਠਾਂ ਦੇ ਅਹਿੰਸਕ ਸੁਭਾਅ ਦੇ ਬਾਵਜੂਦ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਨਿਹੱਥੇ ਵਿਦਿਆਰਥੀਆਂ ਵਿਰੁੱਧ ਤਾਕਤ ਦੀ ਵਰਤੋਂ ਕੀਤੀ ਹੈ, ਜਿਸ ਵਿੱਚ ਲਾਠੀਚਾਰਜ ਵੀ ਸ਼ਾਮਲ ਹੈ ਅਤੇ ਹਜ਼ਾਰਾਂ ਲੋਕਾਂ ਨੂੰ ਵਿਰੋਧ ਪ੍ਰਦਰਸ਼ਨਾਂ ਵਿੱਚ ਸ਼ਾਮਲ ਹੋਣ ਤੋਂ ਰੋਕਿਆ ਹੈ।"



ਉਨ੍ਹਾ ਕਿਹਾ, "ਅਸੀਂ ਅਧਿਕਾਰੀਆਂ ਨੂੰ ਬਹੁਤ ਜ਼ਿਆਦਾ ਤਾਕਤ ਦੀ ਵਰਤੋਂ ਤੁਰੰਤ ਬੰਦ ਕਰਨ, ਇਕੱਠਾਂ 'ਤੇ ਪਾਬੰਦੀਆਂ ਹਟਾਉਣ ਅਤੇ ਬਾਇਓਮੈਟ੍ਰਿਕਸ ਅਤੇ ਇੰਟਰਨੈੱਟ ਵਿਘਨਾਂ ਸਮੇਤ ਡਿਜੀਟਲ ਨਿਗਰਾਨੀ ਦੀ ਦੁਰਵਰਤੋਂ ਰੋਕਣ ਦੀ ਮੰਗ ਕਰਦੇ ਹਾਂ।"

ਭਾਰਤ ਨੇ ਵਾਰ-ਵਾਰ ਅਜਿਹੀ ਆਲੋਚਨਾ ਨੂੰ ਖਾਰਜ ਕੀਤਾ ਹੈ ਅਤੇ ਇਸ ਨੂੰ ਦੇਸ਼ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲਅੰਦਾਜ਼ੀ ਵਜੋਂ ਦਰਸਾਇਆ ਹੈ, ਜਿਸ ਵਿੱਚ ਇਸ ਮਹੀਨੇ ਦੇ ਸ਼ੁਰੂ ਵਿੱਚ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰ ਦਫਤਰ ਨੇ ਤਾਜ਼ਾ ਵਿਰੋਧ ਪ੍ਰਦਰਸ਼ਨਾਂ ਦੇ ਸੰਬੰਧ ਵਿੱਚ ਵੱਡੇ ਪੱਧਰ 'ਤੇ ਨਜ਼ਰਬੰਦੀਆਂ 'ਤੇ ਚਿੰਤਾਵਾਂ ਪ੍ਰਗਟ ਕੀਤੀਆਂ ਸਨ।

ਭਾਰਤ ਸਰਕਾਰ ਦਾ ਕਹਿਣਾ ਹੈ ਕਿ ਕਾਨੂੰਨ ਲਾਗੂ ਕਰਨ ਵਾਲਿਆਂ ਨੇ ਕਾਨੂੰਨ ਦੇ ਅਨੁਸਾਰ ਸਖਤੀ ਨਾਲ ਕਾਰਵਾਈ ਕੀਤੀ। ਪ੍ਰਦਰਸ਼ਨਕਾਰੀ ਸਮੂਹਾਂ ਦਾ ਕਹਿਣਾ ਹੈ ਕਿ ਵੋਟਰ ਸੂਚੀਆਂ ਤੋਂ 13 ਕਰੋੜ ਵੋਟਰ ਹਟਾਉਣ ਨਾਲ ਯੋਗ ਵੋਟਰਾਂ ਨੂੰ ਵੋਟ ਪਾਉਣ ਤੋਂ ਵਾਂਝਾ ਕਰ ਦਿੱਤਾ ਗਿਆ, ਜਿਸ ਨਾਲ ਗਰੀਬ ਅਤੇ ਬੇਘਰ ਲੋਕਾਂ ਦੇ ਨਾਲ-ਨਾਲ ਮੁਸਲਮਾਨਾਂ ਸਮੇਤ ਨਸਲੀ ਘੱਟਗਿਣਤੀਆਂ 'ਤੇ ਬਹੁਤ ਜ਼ਿਆਦਾ ਅਸਰ ਪਿਆ, ਜਿਨ੍ਹਾਂ ਦੇ ਹਿੰਦੂ ਰਾਸ਼ਟਰਵਾਦੀ ਭਾਜਪਾ ਨੂੰ ਵੋਟ ਪਾਉਣ ਦੀ ਸੰਭਾਵਨਾ ਘੱਟ ਹੈ। ਭਾਜਪਾ ਅਤੇ ਭਾਰਤ ਦਾ ਚੋਣ ਕਮਿਸ਼ਨ ਇਸ ਤੋਂ ਇਨਕਾਰ ਕਰਦੇ ਹਨ। ਚੋਣ ਕਮਿਸ਼ਨ ਦਾ ਕਹਿਣਾ ਹੈ ਕਿ ਉਹ ਡੁਪਲੀਕੇਟ, ਮ੍ਰਿਤਕ, ਸ਼ਿਫਟ ਕੀਤੇ ਗਏ ਅਤੇ ਹੋਰ ਅਯੋਗ ਵੋਟਰਾਂ ਨੂੰ ਹਟਾ ਰਿਹਾ ਹੈ ਅਤੇ ਗਲਤੀ ਨਾਲ ਬਾਹਰ ਰੱਖਿਆ ਗਿਆ ਕੋਈ ਵੀ ਵਿਅਕਤੀ ਅਪੀਲ ਕਰ ਸਕਦਾ ਹੈ।

ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਪ੍ਰੀਸ਼ਦ ਵੱਲੋਂ ਸੰਯੁਕਤ ਰਾਸ਼ਟਰ ਦੇ ਮਾਹਰਾਂ ਨੂੰ ਖਾਸ ਮਨੁੱਖੀ ਅਧਿਕਾਰ ਸੰਕਟਾਂ ਦੀ ਨਿਗਰਾਨੀ ਅਤੇ ਦਸਤਾਵੇਜ਼ੀਕਰਨ ਲਈ ਨਿਯੁਕਤ ਕੀਤਾ ਜਾਂਦਾ ਹੈ, ਪਰ ਉਹ ਸੰਗਠਨ ਤੋਂ ਸੁਤੰਤਰ ਹੁੰਦੇ ਹਨ।

## ਭਾਜਪਾ-ਅਕਾਲੀ ਗੱਠਜੋੜ ਤੈਅ !

**ਸ਼ਾਹਕੋਟ (ਗਿਆਨ ਸੈਦਪੁਰੀ)**

ਪਿਛਲੇ ਕੁਝ ਸਮੇਂ ਤੋਂ ਅਕਾਲੀ ਦਲ (ਬਾਦਲ) ਦੇ ਭਾਜਪਾ ਪ੍ਰਤੀ ਸਿਆਸੀ ਰਵੱਈਏ ਨੂੰ ਦੇਖਦਿਆਂ ਕੁਝ ਦਿਨਾਂ ਤੱਕ ਅਕਾਲੀ-ਭਾਜਪਾ ਦੇ ਸਿਆਸੀ ਗੱਠਜੋੜ ਦਾ ਐਲਾਨ ਹੋ ਸਕਦਾ ਹੈ। ਸੂਤਰਾਂ ਦਾ ਮੰਨਣਾ ਹੈ ਕਿ ਪੰਜਾਬ ਵਿੱਚ ਚੋਣਾਂ ਵੇਲੇ ਵੱਡੇ ਤੇ ਛੋਟੇ ਭਰਾ ਦੀ ਭੂਮਿਕਾ ਲਗਭਗ ਤੈਅ ਹੋ ਚੁੱਕੀ ਹੈ। ਉਨ੍ਹਾਂ ਵਿਧਾਨ ਸਭਾਈ ਹਲਕਿਆਂ ਦੀ ਨਿਸ਼ਾਨਦੇਹੀ ਵੀ ਹੋ ਚੁੱਕੀ ਹੈ, ਜਿਨ੍ਹਾਂ ਵਿੱਚ ਭਾਜਪਾ ਆਗੂ ਚੋਣ ਲੜਨ ਲਈ ਅਕਾਲੀ ਦਲ ਦੀ ਤੱਕੜੀ 'ਚ 'ਤੁਲ' ਸਕਦੇ ਹਨ। ਅੱਧੀ ਦਰਜਨ ਇਹੋ ਜਿਹੇ ਹਲਕੇ ਹੋ ਸਕਦੇ ਹਨ। ਇਸ ਸੰਦਰਭ ਵਿੱਚ ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਭਾਜਪਾ ਦੇ ਸਰਗਰਮ ਆਗੂ ਰਾਣਾ ਹਰਦੀਪ ਸਿੰਘ ਦੀ ਨਬਜ਼ ਟਟੋਲੀ ਗਈ ਤਾਂ ਉਹ ਭਾਜਪਾ-ਅਕਾਲੀ ਗੱਠਜੋੜ ਪ੍ਰਤੀ ਆਸਵੰਦ ਦਿਖੇ।ਉਹ ਗੱਠਜੋੜ ਹੋ ਜਾਣ ਉਪਰੰਤ ਚੋਣਾਂ ਵਿੱਚ ਚੰਗੇ ਨਤੀਜੇ ਆਉਣ ਦਾ ਅੰਦਾਜ਼ਾ ਲਾਉਂਦਿਆਂ ਉਤਸ਼ਾਹਤ ਵੀ ਨਜ਼ਰ ਆਏ। ਇਸੇ ਦੌਰਾਨ ਅਕਾਲੀ ਦਲ (ਬਾਦਲ) ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਨੇ ਗੱਠਜੋੜ ਦੀਆਂ ਸੰਭਾਵਨਾਵਾਂ ਦੇ ਸੰਦਰਭ ਵਿੱਚ ਗੱਲ ਕਰਦਿਆਂ ਕਿਹਾ ਕਿ ਅੱਜ ਹੀ (ਬੁੱਧਵਾਰ) ਅਕਾਲੀ ਦਲ ਬੀ ਸੀ ਵਿੰਗ ਦੇ ਸੂਬਾ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਇੱਥੇ ਆਏ ਸਨ। ਉਨ੍ਹਾ ਅਕਾਲੀ ਦਲ ਦੇ ਵਰਕਰਾਂ ਨਾਲ ਗੱਲ ਕਰਦਿਆਂ ਅਕਾਲੀ ਦਲ ਵੱਲੋਂ 117 ਸੀਟਾਂ 'ਤੇ ਚੋਣ ਲੜਨ ਦੀ ਤਿਆਰੀ 'ਤੇ ਜ਼ੋਰ ਦਿੱਤਾ। ਐਡਵੋਕੇਟ ਬਚਿੱਤਰ ਸਿੰਘ ਕੋਹਾੜ ਨੇ ਸਿਆਸਤ ਵਿੱਚ ਗੱਠਜੋੜਾਂ ਦੇ ਦੌਰ ਦੀ ਗੱਲ ਕਰਦਿਆਂ ਕਿਹਾ ਕਿ ਜ਼ਰੂਰੀ ਨਹੀਂ ਕਿ ਗੱਠਜੋੜ ਚੋਣ ਲੜਨ ਵੇਲੇ ਹੋਵੇ, ਇਹ ਚੋਣਾਂ ਤੋਂ ਬਾਅਦ ਵੀ ਸੰਭਵ ਹੈ।



ਰਾਣਾ ਹਰਦੀਪ ਸਿੰਘ, ਬਚਿੱਤਰ ਸਿੰਘ ਕੋਹਾੜ

# ਨਵਾਂ ਜ਼ਮਾਨਾ

ਵੀਰਵਾਰ, 22 ਅਕਤੂਬਰ 2026


## ਭਾਗਵਤ ਦਾ ਪ੍ਰਵਚਨ

ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਨੇ ਨਾਗਪੁਰ ਦੇ ਰੇਸ਼ਮਬਾਗ ਮੈਦਾਨ ਵਿੱਚ ਮੰਗਲਵਾਰ ਸੰਗਠਨ ਦੀ 101ਵੀਂ ਵਰ੍ਹੇਗੰਢ ਮੌਕੇ ਵਿਜੇਦਸ਼ਮੀ ਦੇ ਜਸ਼ਨਾਂ ਦੌਰਾਨ ਸ਼ਸਤਰਾਂ ਦੀ ਪੂਜਾ ਕਰਨ ਤੋਂ ਬਾਅਦ ਕਿਹਾ ਕਿ ਇਹ ਧਾਰਨਾ ਗਲਤ ਹੈ ਕਿ ਭਾਰਤ ਵਿੱਚ ਸੱਤਾ ਤਬਦੀਲੀ ਨਾਲ ਸਮੱਸਿਆਵਾਂ ਹੱਲ ਹੋ ਜਾਣਗੀਆਂ। ਉਨ੍ਹਾ ਦੋਸ਼ ਲਾਇਆ ਕਿ ਕੁਝ ਵਿਸ਼ਵ ਸ਼ਕਤੀਆਂ ਭਾਰਤ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ ਅਤੇ ਅਜਿਹਾ ਕਰਨ ਲਈ ਦੇਸ਼ ਦੇ ਅੰਦਰ ਸਮਾਜਿਕ ਵਖਰੇਵਿਆਂ ਅਤੇ ਅਸੰਤੁਸ਼ਟੀ ਦਾ ਫਾਇਦਾ ਉਠਾ ਰਹੀਆਂ ਹਨ। ਅੰਦੋਲਨਾਂ ਦਾ ਉਦੇਸ਼ ਸਿਰਫ ਸੱਤਾ ਬਦਲਣਾ ਨਹੀਂ ਹੋਣਾ ਚਾਹੀਦਾ, ਸਗੋਂ ਸਮੱਸਿਆਵਾਂ ਦੇ ਹੱਲ ਲੱਭਣਾ ਹੋਣਾ ਚਾਹੀਦਾ ਹੈ।

ਮੋਹਨ ਭਾਗਵਤ ਦਾ ਇਹ ਬਿਆਨ ਕਿ ਭਾਰਤ ਵਿੱਚ ਸਰਕਾਰ ਬਦਲਣ ਨਾਲ ਸਮੱਸਿਆਵਾਂ ਹੱਲ ਨਹੀਂ ਹੋਣਗੀਆਂ, ਕਈ ਬੁਨਿਆਦੀ ਸਵਾਲ ਖੜ੍ਹੇ ਕਰਦਾ ਹੈ। ਕੀ ਇੱਕ ਲੋਕਤੰਤਰੀ ਦੇਸ਼ ਵਿੱਚ ਸਰਕਾਰ ਬਦਲਣ ਦੀ ਮੰਗ ਕਰਨਾ ਗਲਤ ਹੈ? ਜੇ ਸਿਆਸੀ ਪਾਰਟੀਆਂ, ਮਜ਼ਦੂਰ ਸੰਗਠਨ, ਵਿਦਿਆਰਥੀ ਸੰਗਠਨ ਅਤੇ ਸਿਵਲ ਸੁਸਾਇਟੀ ਸਮੂਹ ਕਿਸੇ ਸਰਕਾਰ ਦੀਆਂ ਨੀਤੀਆਂ ਨਾਲ ਅਸਹਿਮਤ ਹਨ ਅਤੇ ਉਸ ਨੂੰ ਸੱਤਾ ਤੋਂ ਹਟਾਉਣਾ ਚਾਹੁੰਦੇ ਹਨ, ਤਾਂ ਕੀ ਉਨ੍ਹਾਂ ਦੀ ਸਿਆਸੀ ਇੱਛਾ ਨੂੰ ਦੇਸ਼ ਵਿਰੁੱਧ ਸਾਜ਼ਿਸ਼ ਮੰਨਿਆ ਜਾ ਸਕਦਾ ਹੈ?

ਲੋਕਤੰਤਰ ਦਾ ਇੱਕ ਬੁਨਿਆਦੀ ਸਿਧਾਂਤ ਇਹ ਹੈ ਕਿ ਸਰਕਾਰ ਲੋਕਾਂ ਪ੍ਰਤੀ ਜਵਾਬਦੇਹ ਹੈ ਅਤੇ ਉਸ ਨੂੰ ਸੱਤਾ ਵਿੱਚ ਬਣੇ ਰਹਿਣ ਦਾ ਸਥਾਈ ਅਧਿਕਾਰ ਨਹੀਂ ਹੈ। ਲੋਕ ਚੋਣਾਂ ਰਾਹੀਂ ਸਰਕਾਰ ਨੂੰ ਬਦਲ ਸਕਦੇ ਹਨ, ਵਿਰੋਧੀ ਧਿਰ ਸਰਕਾਰ ਦੇ ਅਸਤੀਫੇ ਦੀ ਮੰਗ ਕਰ ਸਕਦੀ ਹੈ ਅਤੇ ਨਾਗਰਿਕ ਸ਼ਾਂਤੀਪੂਰਨ ਵਿਰੋਧ ਪ੍ਰਦਰਸ਼ਨ ਕਰ ਸਕਦੇ ਹਨ। ਭਾਰਤ ਦਾ ਸੰਵਿਧਾਨ ਨਾਗਰਿਕਾਂ ਨੂੰ ਪ੍ਰਗਟਾਵੇ ਦੀ ਆਜ਼ਾਦੀ, ਸ਼ਾਂਤੀਪੂਰਨ ਇਕੱਠ ਅਤੇ ਸੰਗਠਨ ਦੇ ਅਧਿਕਾਰ ਦੀ ਗਰੰਟੀ ਦਿੰਦਾ ਹੈ। ਇਸ ਲਈ ਸਰਕਾਰ ਬਦਲਣ ਦੀ ਮੰਗ ਕਰਨਾ ਆਪਣੇ-ਆਪ ਵਿੱਚ ਦੇਸ਼ਧ੍ਰੋਹ ਨਹੀਂ ਹੈ।

ਸਰਕਾਰ ਅਤੇ ਰਾਸ਼ਟਰ ਨੂੰ ਇੱਕੋ ਜਿਹਾ ਮੰਨਣਾ ਵੀ ਇੱਕ ਗੰਭੀਰ ਲੋਕਤੰਤਰੀ ਸਮੱਸਿਆ ਪੈਦਾ ਕਰਦਾ ਹੈ। ਸਰਕਾਰ ਇੱਕ ਚੁਣੀ ਹੋਈ ਸਿਆਸੀ ਪ੍ਰਣਾਲੀ ਹੈ, ਜਦੋਂ ਕਿ ਰਾਸ਼ਟਰ ਇਸ ਦੇ ਨਾਗਰਿਕਾਂ, ਸੰਵਿਧਾਨ, ਸੰਸਥਾਵਾਂ ਅਤੇ ਸਾਂਝੇ ਸਿਆਸੀ ਜੀਵਨ ਤੋਂ ਬਣਿਆ ਹੁੰਦਾ ਹੈ। ਕਿਸੇ ਸਰਕਾਰ ਦੀ ਆਲੋਚਨਾ ਕਰਨਾ, ਉਸ ਦੀਆਂ ਨੀਤੀਆਂ ਦਾ ਵਿਰੋਧ ਕਰਨਾ ਜਾਂ ਚੋਣਾਂ ਵਿੱਚ ਉਸ ਨੂੰ ਹਰਾਉਣ ਦੀ ਕੋਸ਼ਿਸ਼ ਕਰਨਾ ਰਾਸ਼ਟਰ ਦਾ ਵਿਰੋਧ ਨਹੀਂ ਕਰਦਾ। ਇਸੇ ਤਰ੍ਹਾਂ, ਸਰਕਾਰ ਅਤੇ ਹੋਰ ਸੰਗਠਨਾਂ ਨੂੰ ਕਿਸੇ ਵੀ ਅੰਦੋਲਨ ਦੀ ਆਲੋਚਨਾ ਕਰਨ ਦਾ ਅਧਿਕਾਰ ਹੈ, ਪਰ ਕਿਸੇ ਵੀ ਅੰਦੋਲਨ ਨੂੰ ਸਿਰਫ ਇਸ ਆਧਾਰ 'ਤੇ ਰਾਸ਼ਟਰ ਵਿਰੋਧੀ ਕਰਾਰ ਦੇਣਾ ਕਿ ਇਹ ਸੱਤਾ ਤਬਦੀਲੀ ਦੀ ਮੰਗ ਕਰਦਾ ਹੈ, ਲੋਕਤੰਤਰੀ ਅਸਹਿਮਤੀ ਦੇ ਦਾਇਰੇ ਨੂੰ ਸੀਮਤ ਕਰਦਾ ਹੈ।

ਭਾਗਵਤ ਦੇ ਬਿਆਨ ਦਾ ਸਿਆਸੀ ਸੰਦਰਭ ਵੀ ਮਹੱਤਵਪੂਰਨ ਹੈ। ਅਕਤੂਬਰ 2026 ਵਿੱਚ ਸਰਕਾਰ ਵਿਰੋਧੀ ਅੰਦੋਲਨਾਂ ਅਤੇ ਸਰਕਾਰ ਬਦਲਣ ਦੀਆਂ ਮੰਗਾਂ ਨੂੰ ਲੈ ਕੇ ਦੇਸ਼ ਵਿੱਚ ਇੱਕ ਸਿਆਸੀ ਬਹਿਸ ਚੱਲ ਰਹੀ ਹੈ। ਭਾਗਵਤ ਨੇ ਫਰਾਂਸ, ਅਲਬਾਨੀਆ, ਨੇਪਾਲ ਅਤੇ ਬੰਗਲਾਦੇਸ਼ ਵਿੱਚ ਅੰਦੋਲਨਾਂ ਦਾ ਹਵਾਲਾ ਦਿੰਦੇ ਹੋਏ ਦਲੀਲ ਦਿੱਤੀ ਕਿ ਸ਼ਾਸਨ ਤਬਦੀਲੀ ਨੇ ਸਮੱਸਿਆਵਾਂ ਦਾ ਹੱਲ ਨਹੀਂ ਕੀਤਾ ਅਤੇ ਭਾਰਤ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਇੱਥੇ ਸਵਾਲ ਇਹ ਹੈ : ਕੀ ਸਰਕਾਰ ਵਿਰੁੱਧ ਅੰਦੋਲਨ ਨੂੰ ਵਿਦੇਸ਼ੀ ਸਾਜ਼ਿਸ਼ ਨਾਲ ਜੋੜਨ ਲਈ ਠੋਸ ਸਬੂਤ ਜ਼ਰੂਰੀ ਨਹੀਂ ਹਨ? ਕਿਸੇ ਅੰਦੋਲਨ ਵਿੱਚ ਹਿੰਸਾ, ਵਿਦੇਸ਼ੀ ਫੰਡਿੰਗ ਜਾਂ ਗੈਰ-ਕਾਨੂੰਨੀ ਗਤੀਵਿਧੀਆਂ ਦੇ ਦੋਸ਼ਾਂ ਦੀ ਸੁਤੰਤਰ ਤੌਰ 'ਤੇ ਜਾਂਚ ਕੀਤੀ ਜਾ ਸਕਦੀ ਹੈ। ਹਾਲਾਂਕਿ ਸਿਰਫ ਇਸ ਲਈ ਕਿ ਪ੍ਰਦਰਸ਼ਨਕਾਰੀ ਮੌਜੂਦਾ ਸਰਕਾਰ ਨੂੰ ਹਟਾਉਣਾ ਚਾਹੁੰਦੇ ਹਨ, ਇਸ ਦਾ ਇਹ ਸਿੱਟਾ ਨਹੀਂ ਨਿਕਲਦਾ ਕਿ ਉਹ ਦੇਸ਼ ਨੂੰ ਕਮਜ਼ੋਰ ਕਰਨਾ ਚਾਹੁੰਦੇ ਹਨ। ਲੋਕਤੰਤਰ ਵਿੱਚ ਸਰਕਾਰ ਨੂੰ ਚੁਣੌਤੀ ਦੇਣਾ ਅਤੇ ਦੇਸ਼ ਦੀ ਪ੍ਰਭੂਸੱਤਾ ਨੂੰ ਚੁਣੌਤੀ ਦੇਣਾ ਦੋ ਵੱਖ-ਵੱਖ ਚੀਜ਼ਾਂ ਹਨ।

ਉਪਲੱਬਧ ਇਤਿਹਾਸਕ ਬਿਰਤਾਂਤਾਂ ਮੁਤਾਬਕ ਇੱਕ ਸੰਗਠਨ ਦੇ ਰੂਪ ਵਿੱਚ ਆਰ ਐੱਸ ਐੱਸ ਨੇ 1930 ਦੇ ਸਿਵਲ ਨਾਫੁਰਮਾਨੀ ਅੰਦੋਲਨ ਅਤੇ 1942 ਦੇ ਭਾਰਤ ਛੱਡੋ ਅੰਦੋਲਨ ਵਰਗੇ ਵੱਡੇ ਜਨ ਅੰਦੋਲਨਾਂ ਵਿੱਚ ਹਿੱਸਾ ਨਹੀਂ ਲਿਆ। ਬ੍ਰਿਟਿਸ਼ ਪ੍ਰਸ਼ਾਸਨ ਦੀਆਂ ਰਿਪੋਰਟਾਂ ਵਿੱਚ ਇਹ ਵੀ ਜ਼ਿਕਰ ਕੀਤਾ ਗਿਆ ਹੈ ਕਿ ਆਰ ਐੱਸ ਐੱਸ ਦੇ ਮੈਂਬਰਾਂ ਨੂੰ ਕਾਂਗਰਸ ਵੱਲੋਂ ਸਪਾਂਸਰ ਕੀਤੇ ਅੰਦੋਲਨਾਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਗਈ ਸੀ। ਇਹ ਮਹੱਤਵਪੂਰਨ ਹੈ ਕਿ ਇੱਕ ਸੰਗਠਨ ਦੇ ਰੂਪ ਵਿੱਚ, ਇਸ ਨੇ ਪ੍ਰਮੁੱਖ ਬ੍ਰਿਟਿਸ਼ ਵਿਰੋਧੀ ਜਨ ਅੰਦੋਲਨਾਂ ਤੋਂ ਦੂਰੀ ਬਣਾਈ ਰੱਖੀ। ਬ੍ਰਿਟਿਸ਼ ਮੁਖਬਰ ਹੋਣ ਦਾ ਵਿਆਪਕ ਦੋਸ਼ ਅਜੇ ਵੀ ਜਾਰੀ ਹੈ। ਸਾਵਰਕਰ ਦੀ ਅੰਗਰੇਜ਼ਾਂ ਤੋਂ ਮੁਆਫੀ ਇਤਿਹਾਸ ਵਿੱਚ ਦਰਜ ਹੈ। ਬਦਲੇ ਵਿੱਚ ਅੰਗਰੇਜ਼ਾਂ ਨੇ ਸਾਵਰਕਰ ਨੂੰ ਪੈਨਸ਼ਨ ਦਿੱਤੀ।

ਭਾਜਪਾ ਦੇ ਪ੍ਰਿਤਪਾਲਕ ਆਰ ਐੱਸ ਐੱਸ ਦੇ ਮੁਖੀ ਦਾ ਨਾਗਪੁਰ ਦਾ ਭਾਸ਼ਣ ਇੱਕ ਤਰ੍ਹਾਂ ਨਾਲ ਮੋਦੀ ਸਰਕਾਰ ਦੇ ਪਿੱਛੇ ਪੂਰੀ ਤਰ੍ਹਾਂ ਡਟਣ ਦਾ ਸਾਫ ਸੰਕੇਤ ਹੈ। ਹਾਲਾਂਕਿ ਭਾਗਵਤ ਸਮੇਂ-ਸਮੇਂ 'ਤੇ ਸਰਕਾਰ ਨੂੰ ਨਸੀਹਤਾਂ ਦਿੰਦੇ ਆਏ ਹਨ, ਪਰ ਦੇਸ਼-ਭਰ ਵਿੱਚ ਤੇਜ਼ ਹੋਏ ਪ੍ਰਦਰਸ਼ਨਾਂ ਕਾਰਨ ਸਰਕਾਰ ਬਚਾਉਣ ਲਈ ਉਨ੍ਹਾ ਦੀ ਚਿੰਤਾ ਵੀ ਵਧ ਗਈ ਹੈ।

### ਮਰ ਜਾਂਦਾ ਹੈ ਛੇਤੀ ਬੰਦਾ

ਉਂਝ  ਬੋਲਦੇ ਸਾਰੇ ਨੇ, ਸੱਚ ਕੋਈ ਵੀ ਬੋਲੇ ਨਾ,  
ਕੰਡਾ-ਕੰਡਾ ਕਰਦੇ ਸਾਰੇ, ਪੂਰਾ ਕੋਈ ਵੀ ਤੋਲੇ ਨਾ।  
ਕੋਈ ਬੇੜੀ ਨ੍ਹੀਂ ਐਸੀ ਹੁੰਦੀ, ਜਿੱਥੇ ਪੈਂਦੇ ਝੋਲੇ ਨਾ,  
ਮਰ ਜਾਂਦਾ ਹੈ ਛੇਤੀ ਬੰਦਾ, ਭੇਦ ਕਦੇ ਜੋ ਖੋਲ੍ਹੇ ਨਾ।  
ਹੁੰਦਾ ਹੈ ਉਹ ਪੱਥਰ ਵਰਗਾ, ਜੋ ਕਦੇ ਵੀ ਡੋਲੇ ਨਾ,  
ਚਰਦੇ ਨਹੀਂ ਹਥੇਲੀ ਉੱਤੇ, ਲੋਕ ਰਹੇ ਹੁਣ ਭੋਲੇ ਨਾ।

-ਗੁਲਪੁਰ

# ਪੰਜਾਬ 'ਚ ਨਸ਼ਿਆਂ ਦਾ ਸੰਕਟ : ਦਾਅਵੇ, ਹਕੀਕਤ ਅਤੇ ਭਵਿੱਖ ਦੀ ਰਾਹ



ਗੁਰਮੀਤ ਸਿੰਘ ਪਲਾਹੀ

ਪੰਜਾਬ ਦੇ ਨਸ਼ਿਆਂ ਦੀਆਂ ਜੜ੍ਹਾਂ ਗੁਜਰਾਤ ਦੀਆਂ ਬੰਦਰਗਾਹਾਂ, ਅਫਗਾਨਿਸਤਾਨ ਦੀ ਅਫੀਮ ਦੇ ਖੇਤਾਂ ਅਤੇ ਦੁਨੀਆ ਭਰ ਦੇ ਬਦਲਦੇ ਬਾਜ਼ਾਰ ਤੱਕ ਡੂੰਘੀਆਂ ਫੈਲੀਆਂ ਹੋਈਆਂ ਹਨ। ਨਸ਼ੇ ਸੰਬੰਧੀ ਪੰਜਾਬ 'ਚ ਪਿਛਲੇ ਸਮੇਂ ਦੌਰਾਨ ਏਨੀਆਂ ਗ੍ਰਿਫ਼ਤਾਰੀਆਂ ਹੋਈਆਂ ਹਨ, ਪਰ ਸਵਾਲ ਇਹ ਬਣਿਆ ਹੋਇਆ ਹੈ ਕਿ ਆਖਿਰ ਹਾਲਤ ਕਿਉਂ ਨਹੀਂ ਸੁਧਰ ਰਹੇ?

ਇਸ ਦਾ ਕਾਰਨ ਬਿਲਕੁਲ ਸਪੱਸ਼ਟ ਹੈ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪੁਲਸ ਜਾਂ ਸੁਰੱਖਿਆ ਏਜੰਸੀਆਂ ਦੀ ਇਕੱਲਿਆਂ ਦੀ ਜੰਗ ਨਹੀਂ ਹੈ। ਇਹ ਪਰਵਾਰ, ਸਕੂਲ, ਹਸਪਤਾਲ ਅਤੇ ਸਭ ਤੋਂ ਵੱਧ ਕੇ ਉਸ ਸਮਾਜਿਕ ਭਰੋਸੇ ਦੀ ਲੜਾਈ ਹੈ ਕਿ ਜੋ ਵੀ ਨਾਗਰਿਕ ਨਸ਼ਿਆਂ ਵਿਰੁੱਧ ਡਟ ਕੇ ਖੜ੍ਹਾ ਹੋਏਗਾ, ਉਸ ਨੂੰ ਕਦੇ ਵੀ ਇਕੱਲਾ ਨਹੀਂ ਛੱਡਿਆ ਜਾਏਗਾ।

ਪੰਜਾਬ ਵਿੱਚ ਹਾਲ ਹੀ ਵਿੱਚ ਵਾਪਰੀ ਮਾਨਸਾ ਦੀ ਘਟਨਾ ਨੇ ਸੂਬੇ ਦੇ ਇਤਿਹਾਸ ਵਿੱਚ ਇੱਕ ਨਵਾਂ ਅਤੇ ਗੰਭੀਰ ਮੋੜ ਲਿਆਂਦਾ ਹੈ। ਇਸ ਘਟਨਾ ਵਿੱਚ ਨਸ਼ੇ ਦੇ ਵਿਰੋਧ ਵਿੱਚ ਖੜ੍ਹੇ ਨੌਜਵਾਨ ਅਤੇ ਆਮ ਲੋਕ ਇਸ ਤਰ੍ਹਾਂ ਇੱਕ ਥਾਂ ਇਕੱਠੇ ਹੋਏ ਹਨ, ਜਿਵੇਂ ਪਹਿਲਾਂ ਕਦੇ ਨਹੀਂ ਸਨ ਹੋਏ। ਇਹ ਲੋਕ ਏਕਤਾ ਇਸ ਗੱਲ ਵੱਲ ਇਸ਼ਾਰਾ ਕਰਦੀ ਹੈ ਕਿ ਪੰਜਾਬ ਦੇ ਲੋਕ ਹੁਣ ਇਸ ਘਾਤਕ ਕੋਹੜ ਵਿਰੁੱਧ ਇੱਕਜੁੱਟ ਹੋ ਕੇ ਵੱਡੀ ਮੂਵਮੈਂਟ ਬਣਾਉਣ ਵੱਲ ਤੁਰ ਪਏ ਹਨ। ਜਿਵੇਂ ਇਤਿਹਾਸ ਵਿੱਚ 'ਪੱਗੜੀ ਸੰਭਾਲ ਜੱਟਾ' ਲਹਿਰ ਨੇ ਪੰਜਾਬ ਦੇ ਕਿਸਾਨਾਂ ਨੂੰ ਇੱਕ ਸਾਂਝੇ ਮੰਚ 'ਤੇ ਲਿਆਂਦਾ ਸੀ, ਬਿਲਕੁਲ ਉਸੇ ਤਰ੍ਹਾਂ ਨਸ਼ਿਆਂ ਖ਼ਿਲਾਫ਼ ਉੱਠ ਰਹੀ ਇਹ ਲੋਕ ਲਹਿਰ ਪੰਜਾਬ ਦੀ ਹੋਂਦ ਅਤੇ ਜਵਾਨੀ ਨੂੰ ਬਚਾਉਣ ਲਈ ਇੱਕ ਵੱਡੀ ਅਤੇ ਸਾਰਥਕ ਜਨ-ਅੰਦੋਲਨ ਦਾ ਰੂਪ ਧਾਰਨ ਕਰ ਸਕਦੀ ਹੈ।

ਅਸਲ ਵਿੱਚ ਨਸ਼ੇ ਦੇ ਇਸ ਕਾਲੇ ਕਾਰੋਬਾਰ ਵਿੱਚ ਅਰਬਾਂ ਰੁਪਏ ਦੀ ਬੇਨਾਮੀ ਰਕਮ ਕਮਾਈ ਜਾਂਦੀ ਹੈ ਅਤੇ ਕਈ ਵਾਰ ਤਾਕਤਵਰ ਲੋਕਾਂ ਦੀ ਅਸਲ ਥਾਪੀ ਵੀ ਇਨ੍ਹਾਂ ਤਸਕਰਾਂ ਨੂੰ ਮਿਲਦੀ ਹੈ। ਸਰਕਾਰਾਂ ਬਦਲਦੀਆਂ ਹਨ, ਨਵੇਂ ਨਾਅਰੇ ਦਿੱਤੇ ਜਾਂਦੇ ਹਨ, ਵਿਸ਼ੇਸ਼ ਮੁਹਿੰਮਾਂ ਦੇ ਨਾਂਅ ਬਦਲੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਅਤੇ ਅੰਕੜੇ ਇਹੋ ਦੱਸਦੇ ਹਨ ਕਿ ਸੰਕਟ ਆਪਣੀ ਜਗ੍ਹਾ ਪੂਰੀ ਤਰ੍ਹਾਂ ਕਾਇਮ ਹੈ ਅਤੇ ਇਹ ਦਿਨੋ-ਦਿਨ ਫੈਲ ਰਿਹਾ ਹੈ।

ਪੰਜਾਬ ਵਿੱਚ ਨਸ਼ਿਆਂ ਦੀ ਇਹ ਭਿਆਨਕ ਸਮੱਸਿਆ ਕੋਈ ਨਵੀਂ ਨਹੀਂ, ਸਗੋਂ ਦੋ ਦਹਾਕੇ ਪੁਰਾਣੀ ਹੋ ਚੁੱਕੀ ਹੈ। ਇਸ ਨੂੰ ਚੋਣਾਂ ਦਾ ਮੁੱਖ ਮੁੱਦਾ ਬਣਿਆ ਵੀ ਪੂਰਾ ਦਹਾਕਾ ਬੀਤ ਚੁੱਕਿਆ ਹੈ। ਸਾਲ 2016 ਵਿੱਚ ਆਈ ਚਰਚਿਤ ਫ਼ਿਲਮ 'ਉੱਡਦਾ ਪੰਜਾਬ' ਨੇ ਇਸ ਮੁੱਦੇ ਨੂੰ ਪੂਰੇ ਦੇਸ਼ ਅਤੇ ਦੁਨੀਆ ਸਾਹਮਣੇ ਨੰਗਾ ਕਰਕੇ ਰੱਖ ਦਿੱਤਾ ਸੀ। ਇਸੇ ਦੌਰ ਵਿੱਚ ਵੱਖ-ਵੱਖ ਸਿਆਸੀ ਦਲਾਂ ਨੇ ਨਸ਼ਾ ਜੜ੍ਹੋਂ ਮਿਟਾਉਣ ਦੇ ਵੱਡੇ-ਵੱਡੇ ਦਾਅਵੇ ਕੀਤੇ ਅਤੇ ਕੁਝ ਦਲਾਂ ਦੇ ਪ੍ਰਮੁੱਖ ਨੇਤਾਵਾਂ ਨੇ ਧਾਰਮਿਕ ਅਸਥਾਨਾਂ 'ਤੇ ਸਤੱਕ ਖਾਧੀ ਕਿ ਨਸ਼ਿਆਂ ਦੀ ਕਮਰ ਕੁਝ ਹੀ ਹਫ਼ਤਿਆਂ ਵਿੱਚ ਤੋੜ ਦਿੱਤੀ ਜਾਏਗੀ, ਪਰ ਅਫ਼ਸੋਸ ਉਹ ਵਾਅਦੇ ਅੱਜ ਵੀ ਵਿਰੋਧੀਆਂ ਅਤੇ ਆਮ ਜਨਤਾ ਦੀ ਜ਼ੁਬਾਨ 'ਤੇ ਤਾਨ੍ਹੇ ਬਣ ਕੇ ਵਿਚਰ ਰਹੇ ਹਨ।

ਮੌਜੂਦਾ ਸਰਕਾਰ ਵੱਲੋਂ ਪਹਿਲੀ ਮਾਰਚ 2025 ਨੂੰ 'ਯੁੱਧ ਨਸ਼ਿਆਂ ਵਿਰੁੱਧ' ਨਾਮੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਸੀ। ਪੰਜਾਬ ਪੁਲਿਸ ਦੇ ਡੀ ਜੀ ਪੀ ਗੌਰਵ ਯਾਦਵ ਵੱਲੋਂ 14 ਸਤੰਬਰ 2026 ਨੂੰ ਜਾਰੀ ਕੀਤੇ ਗਏ ਅੰਕੜੇ ਇਹ ਦੱਸਦੇ ਹਨ ਕਿ 10 ਸਤੰਬਰ 2026 ਤੱਕ ਸੂਬੇ ਵਿੱਚ 60,582 ਮਾਮਲੇ ਦਰਜ ਹੋਏ ਅਤੇ 89,784 ਤਸਕਰ ਗ੍ਰਿਫ਼ਤਾਰ ਕੀਤੇ ਗਏ। ਇਨ੍ਹਾਂ ਵਿੱਚ 708 ਵੱਡੀਆਂ ਮੱਛੀਆਂ ਸ਼ਾਮਲ ਸਨ, ਜੋ 354 ਵੱਡੇ ਵਪਾਰਕ ਮਾਤਰਾ ਵਾਲੇ ਮਾਮਲਿਆਂ ਵਿੱਚ ਕਾਬੂ ਕੀਤੀਆਂ ਗਈਆਂ। ਇਸ ਦੌਰਾਨ ਕੁੱਲ 3,803 ਕਿਲੋ ਹੈਰੋਇਨ, 976 ਕਿਲੋ ਅਫੀਮ, 56 ਟਨ ਪੋਸਤ ਪੁੱਕੀ, 1325 ਕਿਲੋ ਗਾਂਜਾ ਅਤੇ 78 ਲੱਖ ਨਸ਼ੀਲੇ ਕੈਪਸੂਲ ਬਰਾਮਦ ਕੀਤੇ ਗਏ। ਪੁਲਸ ਰਿਪੋਰਟ ਮੁਤਾਬਿਕ ਕੁੱਲ 13,430 ਮਾਮਲਿਆਂ ਦਾ ਨਿਪਟਾਰਾ ਹੋਇਆ ਅਤੇ 11,981 ਦੋਸ਼ੀਆਂ ਨੂੰ ਸਜ਼ਾਵਾਂ ਹੋਈਆਂ (ਜੋ ਕਿ ਲਗਭਗ 99 ਫ਼ੀਸਦੀ ਬਣਦਾ ਹੈ)। ਇਸ ਤੋਂ ਇਲਾਵਾ ਨਸ਼ੇ ਦੀ ਗ਼ੈਰ-ਕਾਨੂੰਨੀ ਕਮਾਈ ਤੋਂ ਬਣਾਈ ਗਈ 366 ਕਰੋੜ ਰੁਪਏ ਦੀ ਜਾਇਦਾਦ ਨੂੰ 914 ਵੱਖ-ਵੱਖ ਮਾਮਲਿਆਂ ਵਿੱਚ ਕੁਰਕ ਕੀਤਾ ਗਿਆ।

ਸਰਕਾਰ ਦਾ ਇਹ ਵੀ ਦਾਅਵਾ ਰਿਹਾ ਹੈ ਕਿ ਇਸ ਅਭਿਆਨ ਦੌਰਾਨ ਨਸ਼ਾ ਪੀੜਤਾਂ ਦੇ ਇਲਾਜ ਅਤੇ ਪੁਨਰਵਾਸ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਅੰਕੜਿਆਂ ਮੁਤਾਬਕ ਲਗਭਗ 90,000 ਲੋਕਾਂ ਨੂੰ ਨਸ਼ਾ ਮੁਕਤ ਕੇਂਦਰਾਂ ਵਿੱਚ ਇਲਾਜ ਲਈ ਦਾਖ਼ਲ ਕੀਤਾ ਗਿਆ, ਪਰ ਖ਼ੁਦ ਸਰਕਾਰੀ ਤੰਤਰ ਨੇ ਵੀ ਇਹ ਸਵੀਕਾਰ ਕੀਤਾ ਹੈ ਕਿ ਸੂਬੇ ਦੇ ਜ਼ਿਆਦਾਤਰ ਨਸ਼ਾ ਮੁਕਤੀ ਅਤੇ ਪੁਨਰਵਾਸ ਕੇਂਦਰ ਮਰੀਜ਼ਾਂ ਨਾਲ ਪੂਰੀ ਤਰ੍ਹਾਂ ਭਰ ਚੁੱਕੇ ਹਨ ਅਤੇ ਉੱਥੇ ਸਹੂਲਤਾਂ ਦੀ ਘਾਟ ਹੈ।

ਪੰਜਾਬ ਵਿੱਚ ਨਸ਼ਾ ਕੇਵਲ ਜ਼ਮੀਨੀ ਰਸਤਿਆਂ ਰਾਹੀਂ ਹੀ ਨਹੀਂ, ਸਗੋਂ ਅਸਮਾਨੀ ਡਰੋਨਾਂ ਅਤੇ ਦੇਸ਼ ਦੇ ਬਾਕੀ ਸਮੁੰਦਰੀ ਹਿੱਸਿਆਂ ਰਾਹੀਂ ਵੀ ਵੱਡੀਆਂ ਖੇਪਾਂ ਦੇ ਰੂਪ ਵਿੱਚ ਪੁੱਜਦਾ ਹੈ, ਜਿਸ ਦਾ ਮੁੱਖ ਕੇਂਦਰ ਗੁਜਰਾਤ ਦੀਆਂ ਬੰਦਰਗਾਹਾਂ ਹਨ। ਇਨ੍ਹਾਂ ਬੰਦਰਗਾਹਾਂ ਰਾਹੀਂ ਕੋਕੀਨ, ਹੈਰੋਇਨ ਅਤੇ ਟ੍ਰਾਮਾਡੋਲ ਵਰਗੀਆਂ ਘਾਤਕ ਫਾਰਮਾਸਿਊਟੀਕਲ ਦਵਾਈਆਂ ਦੀ ਵੱਡੀ ਪੱਧਰ 'ਤੇ ਤਸਕਰੀ ਹੁੰਦੀ ਹੈ।

ਸਭ ਤੋਂ ਵੱਡਾ ਅਤੇ ਗੰਭੀਰ ਸਵਾਲ ਇਹ ਹੈ ਕਿ ਕੇਵਲ ਪੁਲਸ ਜਾਂ ਬਾਰਡਰ ਸਕਿਉਰਟੀ ਫੋਰਸ ਨੂੰ ਇਹ ਜ਼ਿੰਮੇਵਾਰੀ ਸੌਂਪ ਦੇਣਾ ਕਿ ਉਹ ਇਕੱਲੇ ਨਸ਼ਾ ਖ਼ਤਮ ਕਰ ਦੇਣਗੇ, ਕਿੱਥੋਂ ਤੱਕ ਜਾਇਜ਼ ਅਤੇ ਤਰਕਸੰਗਤ ਹੈ? ਜਦੋਂ ਤੱਕ ਪੰਜਾਬ ਦਾ ਹਰ ਪਰਵਾਰ, ਪੰਚਾਇਤ ਅਤੇ ਪੂਰਾ ਸਮਾਜ ਇਸ ਲੜਾਈ ਵਿੱਚ ਸੜਕਾਂ 'ਤੇ ਨਹੀਂ ਉਤਰਦਾ ਅਤੇ ਜਦੋਂ ਤੱਕ ਨਸ਼ਾ ਕਰਨ ਵਾਲੇ ਪੀੜਤਾਂ ਨੂੰ ਸਮਾਜਿਕ ਤੌਰ 'ਤੇ ਸਿਰਫ਼ 'ਅਪਰਾਧੀ' ਸਮਝਣ ਦੀ ਬਜਾਏ 'ਨਸ਼ੇ ਦਾ ਰੋਗੀ' ਮੰਨ ਕੇ ਉਨ੍ਹਾਂ ਦੇ ਇਲਾਜ ਅਤੇ ਮੁੱਖ ਧਾਰਾ ਵਿੱਚ ਵਾਪਸੀ ਦੇ ਪੁਖ਼ਤਾ ਪ੍ਰਬੰਧ ਨਹੀਂ ਕੀਤੇ ਜਾਂਦੇ, ਤਦ ਤੱਕ ਇਸ ਨਾਸੂਰ ਨੂੰ ਖ਼ਤਮ ਨਹੀਂ ਕੀਤਾ ਜਾ ਸਕਦਾ। ਇਸ ਤੋਂ ਇਲਾਵਾ, ਜਦੋਂ ਤੱਕ ਸਿਆਸੀ ਇੱਛਾ ਸ਼ਕਤੀ ਪੂਰੀ ਤਰ੍ਹਾਂ ਦ੍ਰਿੜ੍ਹ ਨਹੀਂ ਹੁੰਦੀ, ਉਦੋਂ ਤੱਕ ਸਫ਼ਲਤਾ ਮਿਲਣੀ ਅਸੰਭਵ ਹੈ।

ਸੰਯੁਕਤ ਰਾਸ਼ਟਰ ਦੀਆਂ ਰਿਪੋਰਟਾਂ ਵੀ ਇਸ ਗੱਲ ਦੀ ਗਵਾਹੀ ਭਰਦੀਆਂ ਹਨ ਕਿ ਜਦੋਂ ਨਸ਼ਾ ਬਾਜ਼ਾਰ 'ਤੇ ਕਿਸੇ ਇੱਕ ਪਾਸਿਓਂ ਦਬਾਅ ਵਧਦਾ ਹੈ, ਤਾਂ ਉਹ ਪੂਰੀ ਤਰ੍ਹਾਂ ਖ਼ਤਮ ਹੋਣ ਦੀ ਬਜਾਏ ਆਪਣਾ ਰੂਪ ਅਤੇ ਰਸਤਾ ਬਦਲ ਲੈਂਦਾ ਹੈ। ਭਾਰਤ ਦੀ ਲੋਕ ਸਭਾ ਵਿੱਚ ਪੇਸ਼ ਕੀਤੇ ਗਏ ਅਧਿਕਾਰਤ ਅੰਕੜੇ ਦੱਸਦੇ ਹਨ ਕਿ ਪੂਰੇ ਦੇਸ਼ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਨਸ਼ਿਆਂ ਦੇ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਕੀਤੀ ਗਈ ਹੈ ਅਤੇ ਲਗਭਗ ਸਵਾ ਚਾਰ ਲੱਖ (4.25 ਲੱਖ) ਲੋਕਾਂ 'ਤੇ ਨਸ਼ਿਆਂ ਨਾਲ ਜੁੜੇ ਅਪਰਾਧਿਕ ਮਾਮਲੇ ਦਰਜ ਕੀਤੇ ਗਏ ਹਨ, ਜਦਕਿ 5.42 ਲੱਖ ਤੋਂ ਵੱਧ ਗ੍ਰਿਫ਼ਤਾਰੀਆਂ ਹੋਈਆਂ ਹਨ। ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਇਹ ਸੰਕਟ ਸਿਰਫ਼ ਪੰਜਾਬ ਤੱਕ ਸੀਮਤ ਨਹੀਂ, ਸਗੋਂ ਪੂਰਾ ਭਾਰਤ ਇਸ ਦੀ ਗ੍ਰਿਫ਼ਤ ਵਿੱਚ ਹੈ।

ਦੁਨੀਆ ਭਰ ਵਿੱਚ ਵੀ ਨਸ਼ੇ ਦਾ ਕਾਰੋਬਾਰ ਲਗਾਤਾਰ ਵਧ ਰਿਹਾ ਹੈ। ਅੰਤਰਰਾਸ਼ਟਰੀ ਅੰਕੜਿਆਂ ਮੁਤਾਬਕ ਸਾਲ 2024 ਦੌਰਾਨ ਦੁਨੀਆ ਭਰ ਵਿੱਚ ਲਗਭਗ 33.1 ਕਰੋੜ ਲੋਕਾਂ ਨੇ ਨਸ਼ਿਆਂ ਦਾ ਸੇਵਨ ਕੀਤਾ, ਜੋ ਕਿ 15 ਤੋਂ 64 ਸਾਲ ਦੀ ਉਮਰ ਤੱਕ ਦੀ ਆਬਾਦੀ ਦਾ 6.2 ਫ਼ੀਸਦੀ ਬਣਦਾ ਹੈ। ਇਸ ਵਿੱਚ ਸਭ ਤੋਂ ਵੱਡਾ ਹਿੱਸਾ ਭੰਗ ਅਤੇ ਗਾਂਜੇ ਦਾ ਹੈ, ਜਿਸ ਦੀ ਵਰਤੋਂ 25.6 ਕਰੋੜ ਲੋਕਾਂ ਨੇ ਕੀਤੀ। ਅੱਜ ਨਸ਼ੇ ਦਾ ਇਹ ਕਾਰੋਬਾਰ ਪਹਿਲਾਂ ਨਾਲੋਂ ਕਿਤੇ ਵੱਧ ਪੇਚੀਦਾ, ਖ਼ਤਰਨਾਕ ਅਤੇ ਲਚਕੀਲਾ ਹੋ ਚੁੱਕਿਆ ਹੈ। ਲੈਬਾਰਟਰੀਆਂ ਵਿੱਚ ਰਸਾਇਣਕ ਤਰੀਕਿਆਂ ਨਾਲ ਤਿਆਰ ਹੋਣ ਵਾਲੇ ਸਿੰਥੈਟਿਕ ਨਸ਼ੇ, ਘਾਤਕ ਅਫੀਮ ਪਦਾਰਥ ਅਤੇ ਕਈ ਤਰ੍ਹਾਂ ਦੀਆਂ ਡਿਜ਼ਾਈਨਰ ਦਵਾਈਆਂ ਨੇ ਤਸਕਰੀ ਦਾ ਪੂਰਾ ਨਕਸ਼ਾ ਹੀ ਬਦਲ ਦਿੱਤਾ ਹੈ। ਹੁਣ ਇਹ ਪਦਾਰਥ ਆਨਲਾਈਨ ਮਾਧਿਅਮਾਂ ਰਾਹੀਂ ਵੀ ਆਸਾਨੀ ਨਾਲ ਉਪਲੱਬਧ ਹੋਣ ਲੱਗੇ ਹਨ, ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਨੌਜਵਾਨ ਵੀ ਫਸ ਰਹੇ ਹਨ।

ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਨਸ਼ਿਆਂ ਵਿਰੁੱਧ ਵੱਖੋ-ਵੱਖਰੇ ਮਾਡਲ ਅਪਣਾਏ ਗਏ ਹਨ। ਸਾਊਦੀ ਅਰਬ, ਇਰਾਨ ਅਤੇ ਇੰਡੋਨੇਸ਼ੀਆ ਵਰਗੇ ਦੇਸ਼ਾਂ ਵਿੱਚ ਨਸ਼ਾ ਤਸਕਰੀ ਲਈ ਮੌਤ ਦੀ ਸਜ਼ਾ ਦਾ ਕਾਨੂੰਨ ਹੈ। ਇਸ ਦੇ ਉਲਟ, ਸਵਿਟਜ਼ਰਲੈਂਡ ਵਰਗੇ ਦੇਸ਼ਾਂ ਵਿੱਚ ਨਸ਼ੇ ਦੀ ਰੋਕਥਾਮ, ਮਰੀਜ਼ਾਂ ਦਾ ਇਲਾਜ, ਨੁਕਸਾਨ ਨੂੰ ਘਟਾਉਣ ਦੇ ਉਪਾਅ ਅਤੇ ਕਾਨੂੰਨੀ ਕਾਰਵਾਈ ਦੇ ਚਾਰ ਪ੍ਰਮੁੱਖ ਸਤੰਭਾਂ 'ਤੇ ਇਕੱਠੇ ਕੰਮ ਕੀਤਾ ਜਾਂਦਾ ਹੈ। ਦੂਜੇ ਪਾਸੇ, ਅਮਰੀਕਾ ਵਿੱਚ ਨਸ਼ੇ ਦਾ ਸੰਕਟ ਸਭ ਤੋਂ ਵੱਧ ਗਹਿਰਾ ਰਿਹਾ ਹੈ, ਜਿੱਥੇ ਸਾਲ 2025 ਦੌਰਾਨ ਲਗਭਗ 79,973 ਮੌਤਾਂ ਸਿਰਫ਼ ਵੱਧ ਨਸ਼ਾ ਮਾਤਰਾ ਲੈਣ ਕਾਰਨ ਹੋਈਆਂ, ਜਦੋਂ ਕਿ 2024 ਵਿੱਚ ਇਹ ਸੰਖਿਆ 81,383 ਸੀ। ਭਾਰਤ ਵਿੱਚ ਵੀ ਕੋਵਿਡ ਮਹਾਂਮਾਰੀ ਦੇ ਦੌਰਾਨ ਨਸ਼ਾ ਤਸਕਰੀ ਵਿੱਚ ਭਾਰੀ ਵਾਧਾ ਦੇਖਿਆ ਗਿਆ ਅਤੇ ਸਰਕਾਰੀ ਅੰਕੜਿਆਂ ਮੁਤਾਬਕ ਪਿਛਲੇ ਪੰਜ ਸਾਲਾਂ ਵਿੱਚ ਦੇਸ਼ ਵਿੱਚ ਲੱਖਾਂ ਮਾਮਲੇ ਦਰਜ ਹੋਏ ਹਨ।

ਅੱਜ ਜਦੋਂ ਨਸ਼ਾ ਬਾਜ਼ਾਰ ਪੂਰੀ ਤਰ੍ਹਾਂ ਆਨਲਾਈਨ ਨੈੱਟਵਰਕਾਂ ਅਤੇ ਘਾਤਕ ਸਿੰਥੈਟਿਕ ਰਸਾਇਣਾਂ ਰਾਹੀਂ ਇੱਕ ਨਵੀਂ ਅਤੇ ਭਿਆਨਕ ਚੁਣੌਤੀ ਬਣ ਚੁੱਕਿਆ ਹੈ, ਤਾਂ ਇਸ ਨਾਲ ਨਜਿੱਠਣ ਲਈ ਕੇਵਲ ਰਵਾਇਤੀ ਪੁਲਸੀਆ ਕਾਰਵਾਈ ਕਾਫ਼ੀ ਨਹੀਂ ਹੋ ਸਕਦੀ। ਮਾਨਸਾ ਵਰਗੀਆਂ ਘਟਨਾਵਾਂ ਤੋਂ ਬਾਅਦ ਪੰਜਾਬ ਵਿੱਚ ਉਠ ਰਹੀ ਲੋਕਾਂ ਦੀ ਇੱਕਜੁਟ ਆਵਾਜ਼ ਇਤਿਹਾਸਕ 'ਪਗੜੀ ਸੰਭਾਲ ਜੱਟਾ' ਵਰਗੀ ਕਿਸੇ ਵੱਡੀ ਜਨ-ਲਹਿਰ ਦਾ ਮੁੱਢ ਬੰਨ੍ਹ ਸਕਦੀ ਹੈ। ਇਹ ਸਮੇਂ ਦੀ ਮੁੱਖ ਮੰਗ ਹੈ ਕਿ ਨਸ਼ਿਆਂ ਵਿਰੁੱਧ ਡਟ ਕੇ ਆਵਾਜ਼ ਬੁਲੰਦ ਕਰਨ ਵਾਲੇ ਹਰ ਨਾਗਰਿਕ ਅਤੇ ਸਮਾਜਿਕ ਆਗੂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਸਰਕਾਰ ਵੱਲੋਂ ਪੱਕੇ ਤੌਰ 'ਤੇ ਯਕੀਨੀ ਬਣਾਇਆ ਜਾਵੇ, ਨਸ਼ਾ ਪੀੜਤਾਂ ਨੂੰ ਅਪਰਾਧੀ ਸਮਝਣ ਦੀ ਬਜਾਏ ਉਨ੍ਹਾਂ ਨੂੰ ਰੋਗੀ ਮੰਨ ਕੇ ਵਧੀਆ ਇਲਾਜ ਦਿੱਤਾ ਜਾਵੇ ਅਤੇ ਸਮਾਜ ਆਪਣੇ ਪੱਧਰ 'ਤੇ ਇਸ ਕੋਹੜ ਨੂੰ ਜੜ੍ਹੋਂ ਪੁੱਟਣ ਲਈ ਅੱਗੇ ਆਵੇ।


# ਸੰਪਰਕ : 98158-02070


# ਧਾਰਮਿਕ ਅਡੰਬਰ ਅਤੇ ਸਸਤੀ ਮਨੁੱਖੀ ਜਾਨ

ਜਗਜੀਤ ਸਿੰਘ

ਬੀਤੀ 17 ਅਕਤੂਬਰ ਦੀ ਸ਼ਾਮ 'ਖ਼ੁਸ਼ੀਆਂ ਦਾ ਸ਼ਹਿਰ' ਕਿਹਾ ਜਾਣ ਵਾਲਾ ਕੋਲਕਾਤਾ ਕੁਰਲਾਹਟ ਅਤੇ ਖਿੱਲਰੀਆਂ ਨਿਸ਼ਾਨੀਆਂ ਦੇ ਖ਼ਾਮੋਸ਼ ਮਾਤਮ ਵਿੱਚ ਡੁੱਬ ਗਿਆ। ਉਤਰੀ ਕੋਲਕਾਤਾ ਦੇ ਚੋਰਬਾਗਾਨ ਪੰਡਾਲ ਵਿੱਚ ਮੀਂਹ ਅਤੇ ਬੇਲਗਾਮ ਭੀੜ ਦੇ ਹੜ੍ਹ ਵਿਚਕਾਰ 19 ਮਾਸੂਮ ਜ਼ਿੰਦਗੀਆਂ ਬੇਰਹਿਮੀ ਨਾਲ ਲਿਤਾੜ ਦਿੱਤੀਆਂ ਗਈਆਂ ਅਤੇ 25 ਤੋਂ ਵੱਧ ਲੋਕ ਗੰਭੀਰ ਜ਼ਖ਼ਮੀ ਹੋ ਗਏ। ਜਿਹੜੇ ਲੋਕ ਅਕੀਦਤ ਨਾਲ ਘਰੋਂ ਨਿਕਲੇ ਸਨ, ਉਨ੍ਹਾਂ ਦੀ ਘਰ ਵਾਪਸੀ ਦੀ ਉਡੀਕ ਹੁਣ ਕਦੇ ਨਾ ਖ਼ਤਮ ਹੋਣ ਵਾਲੇ ਸੋਗ ਵਿੱਚ ਬਦਲ ਚੁੱਕੀ ਹੈ। ਕਿਸੇ ਮਾਂ ਦਾ ਪੁੱਤਰ, ਕਿਸੇ ਬੱਚੇ ਦਾ ਪਿਤਾ, ਕਿਸੇ ਸੁਹਾਗਣ ਦਾ ਜੀਵਨ ਸਾਥੀ—ਇਹ ਸਾਰੇ ਹੁਣ ਸਰਕਾਰੀ ਰਜਿਸਟਰਾਂ ਵਿੱਚ ਮਹਿਜ਼ ਨਿਰਜਿੰਦ ਅੰਕੜੇ ਬਣ ਕੇ ਰਹਿ ਗਏ ਹਨ। ਜਿਨ੍ਹਾਂ ਘਰਾਂ ਦੇ ਚਿਰਾਗ਼ ਬੁਝ ਗਏ, ਉਥੇ ਕਾਗਜ਼ੀ ਚੈੱਕ ਉਸ ਮਮਤਾ ਦੀ ਥਾਂ ਨਹੀਂ ਲੈ ਸਕਦੇ ਅਤੇ ਨਾ ਹੀ ਢੋਲ-ਧਮੱਕੇ ਕਿਸੇ ਮਾਂ ਦੇ ਸੀਨੇ ਵਿੱਚੋਂ ਨਿਕਲਦੀ ਹੂਕ ਨੂੰ ਦਬਾ ਸਕਦੇ ਹਨ।

ਸਭ ਤੋਂ ਦਰਦਨਾਕ ਹਕੀਕਤ ਇਹ ਸੀ ਕਿ ਇਹ ਸਾਰਾ ਦੁਖਾਂਤ ਸ਼ਰਧਾਲੂਆਂ ਦੀਆਂ ਅਰਦਾਸਾਂ ਅਤੇ ਜੈਕਾਰਿਆਂ ਦੇ ਸ਼ੋਰ ਦੇ ਵਿਚਕਾਰ ਪ੍ਰਸ਼ਾਸਕੀ ਅੰਨ੍ਹੇਪਣ ਦੀ ਬਲੀ ਚੜ੍ਹ ਗਿਆ।

ਜਿਸ ਸ਼ਕਤੀ ਨੂੰ ਰੱਖਿਅਕ ਮੰਨ ਕੇ ਲੋਕ ਆਸਥਾ ਨਾਲ ਸੀਸ ਨਿਵਾਉਂਦੇ ਹਨ, ਜਦੋਂ ਉਸੇ ਦੇ ਦਰ 'ਤੇ ਆਏ ਸ਼ਰਧਾਲੂ ਇੱਕ-ਦੂਜੇ ਦੇ ਪੈਰਾਂ ਹੇਠ ਕੁਚਲੇ ਜਾ ਰਹੇ ਸਨ, ਤਾਂ ਕੁਝ ਬੁਨਿਆਦੀ ਸਵਾਲ ਪੁੱਛਣੇ ਲਾਜ਼ਮੀ ਹੋ ਜਾਂਦੇ ਹਨ। ਇਹ ਸਵਾਲ ਕਿਸੇ ਆਸਥਾ ਨੂੰ ਠੇਸ ਪਹੁੰਚਾਉਣ ਲਈ ਨਹੀਂ, ਸਗੋਂ ਉਸ ਮਾਸੂਮ ਬੱਚੇ ਅਤੇ ਮਾਂ ਲਈ ਹਨ, ਜਿਨ੍ਹਾਂ ਦਾ ਸਾਹ ਪੰਡਾਲ ਦੇ ਮਲਬੇ ਹੇਠ ਘੁੱਟਿਆ ਗਿਆ।

ਜੇ ਹਰ ਜੀਵ ਦੀ ਰੱਖਿਆ ਕਰਨ ਵਾਲੀ ਸ਼ਕਤੀ ਮੌਜੂਦ ਹੈ, ਤਾਂ ਉਹ ਇਨ੍ਹਾਂ ਬੇਕਸੂਰਾਂ ਨੂੰ ਕਿਉਂ ਨਾ ਬਚਾ ਸਕੀ? ਕੀ ਉਸ ਨੂੰ ਇਸ ਤਬਾਹੀ ਦੀ ਖ਼ਬਰ ਨਹੀਂ ਸੀ ਜਾਂ ਉਹ ਮਦਦ ਕਰਨ ਵਿੱਚ ਅਸਮਰੱਥ ਸੀ? ਸੱਚ ਇਹ ਹੈ ਕਿ ਕੋਈ ਵੀ ਧਾਰਮਿਕ ਆਸਥਾ ਭੌਤਿਕ ਸੁਰੱਖਿਆ ਪ੍ਰਬੰਧਾਂ ਦੀ ਥਾਂ ਨਹੀਂ ਲੈ ਸਕਦੀ; ਦੁੱਖ ਦੀ ਘੜੀ ਵਿੱਚ ਮਨੁੱਖੀ ਮਦਦ ਅਤੇ ਸਹੀ ਇੰਤਜ਼ਾਮ ਹੀ ਜਾਨ ਬਚਾ ਸਕਦੇ ਹਨ।

ਭਾਰਤ ਵਿੱਚ ਧਾਰਮਿਕ ਉਤਸਵ ਹੁਣ ਨਿੱਜੀ ਆਸਥਾ ਨਹੀਂ, ਬਲਕਿ ਕਾਰਪੋਰੇਟ ਸਪਾਂਸਰਸ਼ਿਪ, ਸਿਆਸੀ ਰਸੂਖ਼ ਦੇ ਅੰਨ੍ਹੇ ਮੁਕਾਬਲੇ ਦਾ ਬੇਲਗਾਮ ਕਾਰੋਬਾਰ ਬਣ ਚੁੱਕੇ ਹਨ। ਅਰਬਾਂ ਰੁਪਏ ਖ਼ਰਚ ਕੇ ਸ਼ਾਹੀ ਮਹਿਲਾਂ ਵਰਗੇ ਆਰਜ਼ੀ ਪੰਡਾਲ ਬਣਾਏ ਜਾਂਦੇ ਹਨ, ਜੋ ਮਹਿਜ਼ ਦਸ ਦਿਨਾਂ ਬਾਅਦ ਨਦੀਆਂ ਵਿੱਚ ਪ੍ਰਦੂਸ਼ਣ ਫੈਲਾਉਣ ਵਾਲੇ ਕੂੜੇ ਦੇ ਢੇਰ ਬਣ ਜਾਂਦੇ ਹਨ। ਜਦੋਂ ਕਰੋੜਾਂ ਰੁਪਏ ਬਾਹਰੀ ਸਜਾਵਟ 'ਤੇ ਲੁਟਾਏ ਜਾ ਸਕਦੇ ਹਨ, ਤਾਂ ਭੀੜ ਨੂੰ ਸੰਭਾਲਣ ਲਈ ਵਿਗਿਆਨਕ ਪ੍ਰਣਾਲੀ, ਚੌੜੇ ਐਮਰਜੈਂਸੀ ਨਿਕਾਸ ਅਤੇ ਮੌਕੇ 'ਤੇ ਐਂਬੂਲੈਂਸਾਂ ਦਾ ਪ੍ਰਬੰਧ ਬਜਟ ਦਾ ਹਿੱਸਾ ਕਿਉਂ ਨਹੀਂ ਹੁੰਦਾ? ਮੂਰਤੀ ਦੀ ਉੱਚਾਈ ਦੀਆਂ ਤਸਵੀਰਾਂ ਤਾਂ ਵਾਇਰਲ ਹੋ ਜਾਂਦੀਆਂ ਹਨ, ਪਰ ਆਮ ਇਨਸਾਨ ਦੀ ਜਾਨ ਦੀ ਹਿਫ਼ਾਜ਼ਤ ਦਾ ਸਵਾਲ ਧਾਰਮਿਕ ਰੌਲ਼ੇ-ਰੱਪੇ ਹੇਠ ਦੱਬ ਦਿੱਤਾ ਜਾਂਦਾ ਹੈ।

ਇਸ ਤੋਂ ਵੱਡਾ ਸਮਾਜਿਕ ਦੋਗਲਾਪਣ ਕੀ ਹੋ ਸਕਦਾ ਹੈ ਕਿ ਜਿਸ ਮੁਲਕ ਵਿੱਚ ਹਸਪਤਾਲ ਦੇ ਬੈੱਡ ਨਾ ਮਿਲਣ ਕਾਰਨ ਗਰਭਵਤੀ ਔਰਤਾਂ ਸੜਕਾਂ 'ਤੇ ਦਮ ਤੋੜ ਦਿੰਦੀਆਂ ਹਨ ਅਤੇ ਸਰਕਾਰੀ ਸਕੂਲਾਂ ਦੇ ਬੱਚੇ ਟੁੱਟੀਆਂ ਛੱਤਾਂ ਹੇਠ ਬੈਠਣ ਲਈ ਮਜਬੂਰ ਹਨ, ਉੱਥੇ ਕੁਝ ਦਿਨਾਂ ਦੇ ਧਾਰਮਿਕ ਜਲਸਿਆਂ 'ਤੇ ਖ਼ਜ਼ਾਨੇ ਲੁਟਾ ਦਿੱਤੇ ਜਾਂਦੇ ਹਨ। ਸਾਡਾ ਜਨਤਕ ਸਿਹਤ ਬਜਟ ਅੱਜ ਜੀ.ਡੀ.ਪੀ. ਦੇ ਮਹਿਜ਼ 2-3 ਫੀਸਦੀ ਦੁਆਲੇ ਘੁੰਮਦਾ ਹੈ, ਪੇਂਡੂ ਸਿਹਤ ਕੇਂਦਰਾਂ ਵਿੱਚ ਜੀਵਨ-ਰੱਖਿਅਕ ਦਵਾਈਆਂ ਨਹੀਂ ਹਨ, ਪਰ ਸਰਕਾਰਾਂ ਧਾਰਮਿਕ ਯਾਤਰਾਵਾਂ 'ਤੇ ਹੈਲੀਕਾਪਟਰਾਂ ਤੋਂ ਫੁੱਲ ਵਰ੍ਹਾਉਣ ਲੱਗਿਆਂ ਇੱਕ ਪਲ ਨਹੀਂ ਝਿਜਕਦੀਆਂ। ਭੁੱਖ ਸੂਚਕ ਅੰਕ ਵਿੱਚ ਪਛੜ ਰਹੇ ਸਮਾਜ ਅੰਦਰ ਬੇਜਾਨ ਮੂਰਤੀਆਂ ਤੇ ਕਿਤਾਬਾਂ ਨੂੰ ਕਰੋੜਾਂ ਦੇ ਹੀਰੇ-ਮੋਤੀ ਚੜ੍ਹਾਏ ਜਾਂਦੇ ਹਨ, ਪਰ ਉਸੇ ਇਬਾਦਤਗਾਹ ਦੀਆਂ ਪੌੜੀਆਂ 'ਤੇ ਭੁੱਖ ਨਾਲ ਵਿਲ੍ਹਕਦਾ ਬੱਚਾ ਇੱਕ ਰੋਟੀ ਲਈ ਝਿੜਕਾਂ ਖਾਂਦਾ ਹੈ।

ਕੋਲਕਾਤਾ ਦਾ ਚੋਰਬਾਗਾਨ ਕੋਈ ਇਕੱਲੀ ਘਟਨਾ ਨਹੀਂ ਹੈ। ਭਾਰਤ ਵਿੱਚ ਧਾਰਮਿਕ ਇਕੱਠਾਂ ਦੌਰਾਨ ਖ਼ੂਨੀ ਭਾਜੜਾਂ ਦਾ ਇੱਕ ਲੰਮਾ ਅਤੇ ਦੁਖਦਾਈ ਇਤਿਹਾਸ ਰਿਹਾ ਹੈ—ਚਾਹੇ ਉਹ ਹਾਥਰਸ ਦਾ ਸਤਿਸੰਗ ਹੋਵੇ (2024), ਪ੍ਰਯਾਗਰਾਜ ਦਾ ਮਹਾਂਕੁੰਭ (2025), ਹਿਮਾਚਲ ਦਾ ਨੈਣਾ ਦੇਵੀ ਹਾਦਸਾ (2008), ਰਤਨਗੜ੍ਹ ਮਾਤਾ ਮੰਦਰ (2013), ਜੋਧਪੁਰ ਦਾ ਚਾਮੁੰਡਾ ਦੇਵੀ ਮੰਦਰ (2008), ਕੇਰਲ ਦਾ ਸਬਰੀਮਾਲਾ (2011) ਜਾਂ ਮਹਾਰਾਸ਼ਟਰ ਦਾ ਮੰਧਰ ਦੇਵੀ ਦੁਖਾਂਤ (2005)। ਇਹ ਸਾਰੇ ਨਾਂਅ ਅੰਨ੍ਹੇ ਪ੍ਰਬੰਧਾਂ ਹੇਠ ਕੁਚਲੀਆਂ ਗਈਆਂ ਹਜ਼ਾਰਾਂ ਮਾਸੂਮ ਜ਼ਿੰਦਗੀਆਂ ਦੇ ਗਵਾਹ ਹਨ।

ਧਾਰਮਿਕ ਵਿਸ਼ਵਾਸ ਦੀ ਸਭ ਤੋਂ ਚਲਾਕ ਬਣਤਰ ਉਸ ਦੇ ਤਰਕਹੀਣ ਬਚਾਅ ਵਿੱਚ ਹੈ : ਜੇ ਕੋਈ ਬਚ ਜਾਵੇ ਤਾਂ 'ਰੱਬ ਦੀ ਕਿਰਪਾ', ਅਤੇ ਜੇ ਮਾਸੂਮ ਕੁਚਲੇ ਜਾਣ ਤਾਂ 'ਕਰਮਾਂ ਦੀ ਗਤੀ।' ਇਹ ਤਰਕ ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਕਿਸੇ ਦੀ ਮੌਤ ਨੂੰ ਉਸ ਦੇ ਪਿਛਲੇ ਜਨਮ ਦੇ ਕਰਮਾਂ ਨਾਲ ਜੋੜਨਾ ਪ੍ਰਸ਼ਾਸਕੀ ਨਾਕਾਮੀ ਨੂੰ ਛੁਪਾਉਣ ਦਾ ਸਭ ਤੋਂ ਘਟੀਆ ਹਥਕੰਡਾ ਹੈ, ਜੋ ਸਾਨੂੰ ਸਵਾਲ ਪੁੱਛਣ ਤੋਂ ਰੋਕਦਾ ਹੈ।

ਸਾਨੂੰ ਫ਼ੈਸਲਾ ਕਰਨਾ ਪਵੇਗਾ ਕਿ ਅਸੀਂ ਕਿਹੋ ਜਿਹਾ ਮੁਲਕ ਬਣਾਉਣਾ ਚਾਹੁੰਦੇ ਹਾਂ, ਉਹ ਜੋ ਆਕਾਸ਼ ਛੂੰਹਦੇ ਪੰਡਾਲਾਂ ਨਾਲ ਆਪਣੀ ਸ਼ਾਨ ਮਾਪਦਾ ਹੈ ਜਾਂ ਉਹ ਜੋ ਮਨੁੱਖੀ ਜੀਵਨ, ਸਿਹਤ ਅਤੇ ਵਿਗਿਆਨਕ ਸੋਚ ਨੂੰ ਆਪਣੀ ਸਭ ਤੋਂ ਵੱਡੀ ਦੌਲਤ ਸਮਝਦਾ ਹੈ।

ਅਸਲ ਸਵਾਲ ਇਹ ਨਹੀਂ ਕਿ ਅਦਿੱਖ ਸ਼ਕਤੀਆਂ ਨੇ ਬੇਗੁਨਾਹਾਂ ਦੀ ਰੱਖਿਆ ਕਿਉਂ ਨਹੀਂ ਕੀਤੀ, ਸਵਾਲ ਇਹ ਹੈ ਕਿ ਅਸੀਂ ਅਜਿਹਾ ਸਮਾਜਿਕ ਪ੍ਰਬੰਧ ਕਿਉਂ ਨਹੀਂ ਬਣਾਉਂਦੇ, ਜਿੱਥੇ ਜਿਊਂਦੇ ਰਹਿਣ ਲਈ ਕਿਸੇ ਚਮਤਕਾਰ ਦੀ ਉਡੀਕ ਨਾ ਕਰਨੀ ਪਵੇ। ਇਨਸਾਨੀ ਜ਼ਿੰਦਗੀ ਤੋਂ ਵੱਡਾ ਕੋਈ ਸੱਚ ਨਹੀਂ ਅਤੇ ਹਰ ਜਾਨ ਦੀ ਹਿਫ਼ਾਜ਼ਤ ਕਰਨਾ ਹੀ ਸਭ ਤੋਂ ਉੱਚਾ ਧਰਮ ਹੈ।


# ਸੰਪਰਕ : 94230-81058


# ਲਿਵ-ਇਨ ਸੰਬੰਧਾਂ ਦਾ ਖ਼ੌਫ਼ਨਾਕ ਸੱਚ



ਡਾ. ਕ੍ਰਿਸ਼ਨ ਲਾਲ

ਅਜੋਕੇ ਦੌਰ ਵਿੱਚ ਨੌਜਵਾਨ ਪੀੜ੍ਹੀ ਦੀ ਜੀਵਨ-ਸ਼ੈਲੀ ਅਤੇ ਸੋਚ ਵਿੱਚ ਆ ਰਹੀ ਤੇਜ਼ ਰਫ਼ਤਾਰ ਤਬਦੀਲੀ ਨੇ ਸਾਡੀਆਂ ਸਦੀਆਂ ਪੁਰਾਣੀਆਂ ਪਰੰਪਰਾਗਤ ਸੰਸਥਾਵਾਂ ਨੂੰ ਪਿੱਛੇ ਛੱਡ ਦਿੱਤਾ ਹੈ। ਲਿਵ-ਇਨ ਰਿਲੇਸ਼ਨਸ਼ਿਪ ਯਾਨੀ ਸਹਿਮਤੀ ਸੰਬੰਧ ਇੱਕ ਅਜਿਹੀ ਆਧੁਨਿਕ ਵਿਵਸਥਾ ਹੈ, ਜਿਸ ਵਿੱਚ ਮਰਦ ਅਤੇ ਔਰਤ ਬਿਨਾਂ ਕਿਸੇ ਸਮਾਜਿਕ ਬੰਧਨ ਜਾਂ ਕਾਨੂੰਨੀ ਵਿਆਹ ਦੇ ਪਤੀ-ਪਤਨੀ ਵਾਂਗ ਇਕੱਠੇ ਰਹਿੰਦੇ ਹਨ ਅਤੇ ਕਈ ਵਾਰ ਪਰਵਾਰ ਵੀ ਵਧਾ ਲੈਂਦੇ ਹਨ। ਪੱਛਮੀ ਮੁਲਕਾਂ ਵਿੱਚ ਇਹ ਰੁਝਾਨ ਭਾਵੇਂ ਪੁਰਾਣਾ ਅਤੇ ਆਮ ਹੋਵੇ, ਪਰ ਹੁਣ ਉਨ੍ਹਾਂ ਦੀ ਅੰਨ੍ਹੀ ਦੇਖਾ-ਦੇਖੀ ਭਾਰਤ ਵਿੱਚ ਵੀ ਇਸ ਨੇ ਤੇਜ਼ੀ ਨਾਲ ਪੈਰ ਪਸਾਰ ਲਏ ਹਨ। ਪਰਵਾਰਕ ਦਖ਼ਲਅੰਦਾਜ਼ੀ ਤੋਂ ਮੁਕਤੀ ਅਤੇ ਨਿੱਜੀ ਆਜ਼ਾਦੀ ਦੇ ਖ਼ਾਬਾਂ ਤਹਿਤ ਸ਼ੁਰੂ ਹੋਇਆ ਇਹ ਸਫ਼ਰ ਅੱਜ ਸਾਡੇ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣ ਕੇ ਉਭਰ ਰਿਹਾ ਹੈ। ਇਨ੍ਹਾਂ ਸੰਬੰਧਾਂ ਦੀ ਬੁਨਿਆਦ ਅਕਸਰ ਮਹਿਜ਼ ਜਜ਼ਬਾਤੀ ਉਭਾਰ ਜਾਂ ਆਰਜ਼ੀ ਆਕਰਸ਼ਣ ਤੱਕ ਹੀ ਸੀਮਤ ਹੁੰਦੀ ਹੈ। ਵਿਆਹ ਵਰਗੇ ਪਵਿੱਤਰ ਰਿਸ਼ਤੇ ਵਿੱਚ ਉਮਰ ਭਰ ਸਾਥ ਨਿਭਾਉਣ ਦੀ ਜੋ ਪੱਕੀ ਵਚਨਬੱਧਤਾ ਅਤੇ ਸਮਾਜਿਕ ਜਵਾਬਦੇਹੀ ਹੁੰਦੀ ਹੈ, ਉਹ ਇੱਥੇ ਨਦਾਰਦ ਨਜ਼ਰ ਆਉਂਦੀ ਹੈ। ਜਦੋਂ ਤੱਕ ਜ਼ਿੰਦਗੀ ਦੀ ਗੱਡੀ ਸੁਖੀ ਚਲਦੀ ਹੈ, ਸਭ ਕੁਝ ਠੀਕ ਲੱਗਦਾ ਹੈ, ਪਰ ਜਿਉਂ ਹੀ ਵਿਚਾਰਕ ਮਤਭੇਦਾਂ ਦੀ ਹਨੇਰੀ ਵਗਦੀ ਹੈ, ਰਿਸ਼ਤੇ ਦੀ ਕੱਚੀ ਨੀਂਹ ਹਿੱਲ ਜਾਂਦੀ ਹੈ। ਜ਼ਿੰਮੇਵਾਰੀ ਮੋਢੇ ਚੁੱਕਣ ਦੀ ਬਜਾਏ ਆਸਾਨੀ ਨਾਲ ਇੱਕ-ਦੂਜੇ ਤੋਂ ਵੱਖ ਹੋ ਜਾਣ ਦੀ ਮਾਨਸਿਕਤਾ ਸਾਥੀਆਂ ਵਿੱਚ ਆਪਸੀ ਅਸੁਰੱਖਿਆ ਨੂੰ ਜਨਮ ਦਿੰਦੀ ਹੈ, ਜੋ ਅੱਗੇ ਚੱਲ ਕੇ ਭਿਆਨਕ ਝਗੜਿਆਂ ਦਾ ਰੂਪ ਧਾਰਨ ਕਰ ਲੈਂਦੀ ਹੈ।

ਭਾਰਤੀ ਪਰਿਵਾਰਕ ਢਾਂਚੇ ਦੀ ਖ਼ੂਬਸੂਰਤੀ ਇਹ ਹੈ ਕਿ ਪਤੀ-ਪਤਨੀ ਦੇ ਮਤਭੇਦਾਂ ਨੂੰ ਸੁਲਝਾਉਣ ਲਈ ਘਰ ਦੇ ਬਜ਼ੁਰਗ ਅਤੇ ਰਿਸ਼ਤੇਦਾਰ ਹਮੇਸ਼ਾ ਢਾਲ ਬਣ ਕੇ ਖੜ੍ਹੇ ਹੁੰਦੇ ਹਨ। ਇਸ ਦੇ ਉਲਟ, ਲਿਵ-ਇਨ ਵਿੱਚ ਰਹਿਣ ਵਾਲੇ ਜੋੜੇ ਅਕਸਰ ਆਪਣੇ ਪਰਵਾਰਾਂ ਤੋਂ ਕੱਟ ਕੇ ਅਤੇ ਸਮਾਜ ਦੀਆਂ ਨਜ਼ਰਾਂ ਤੋਂ ਬਚ ਕੇ ਇਕੱਠੇ ਰਹਿੰਦੇ ਹਨ। ਕਿਸੇ ਵੀ ਪਰਿਵਾਰਕ ਨਿਗਰਾਨੀ ਜਾਂ ਨੈਤਿਕ ਕੰਟਰੋਲ ਦੀ ਅਣਹੋਂਦ ਕਾਰਨ ਜਦੋਂ ਗੁੱਸਾ ਸਿਖ਼ਰਾਂ 'ਤੇ ਹੁੰਦਾ ਹੈ, ਤਾਂ ਮਾਮਲੇ ਨੂੰ ਠੰਢਾ ਕਰਨ ਵਾਲਾ ਕੋਈ ਵੱਡਾ-ਵਡੇਰਾ ਮੌਜੂਦ ਨਹੀਂ ਹੁੰਦਾ। ਇਹੀ ਕਾਰਨ ਹੈ ਕਿ ਮਾਮੂਲੀ ਜਿਹੀ ਤਕਰਾਰ ਵੀ ਕਈ ਵਾਰ ਜਾਨਲੇਵਾ ਖ਼ਤਰੇ ਵਿੱਚ ਬਦਲ ਜਾਂਦੀ ਹੈ। ਇਨ੍ਹਾਂ ਰਿਸ਼ਤਿਆਂ ਵਿੱਚ ਸਭ ਤੋਂ ਵੱਡਾ ਰੋਗ ਸਾਥੀ ਦੇ ਅਤੀਤ ਅਤੇ ਭਵਿੱਖ ਨੂੰ ਲੈ ਕੇ ਲਗਾਤਾਰ ਬਣਿਆ ਰਹਿਣ ਵਾਲਾ ਸ਼ੱਕ ਹੈ। ਕਿਸੇ ਪੱਕੇ ਕਾਨੂੰਨੀ ਬੰਧਨ ਦੀ ਘਾਟ ਕਾਰਨ ਹਰ ਪਲ ਇਹ ਡਰ ਸਤਾਉਂਦਾ ਰਹਿੰਦਾ ਹੈ ਕਿ ਸਾਥੀ ਕਿਸੇ ਵੀ ਮੋੜ 'ਤੇ ਸਾਥ ਛੱਡ ਸਕਦਾ ਹੈ। ਇਹ ਘੁਟਣ ਸਮੇਂ ਦੇ ਨਾਲ ਅੰਨ੍ਹੀ ਈਰਖਾ, ਬੰਦਿਸ਼ਾਂ ਅਤੇ ਗੰਭੀਰ ਮਾਨਸਿਕ ਤਣਾਅ ਵਿੱਚ ਬਦਲ ਜਾਂਦੀ ਹੈ। ਜਦੋਂ ਇਹ ਮਾਨਸਿਕ ਪੀੜ ਬਰਦਾਸ਼ਤ ਤੋਂ ਬਾਹਰ ਹੋ ਜਾਂਦੀ ਹੈ, ਤਾਂ ਮਨੁੱਖੀ ਸੰਵੇਦਨਾਵਾਂ ਮਰ ਜਾਂਦੀਆਂ ਹਨ ਅਤੇ ਸਾਥੀ ਇੱਕ-ਦੂਜੇ ਦੀ ਜਾਨ ਲੈਣ ਤੋਂ ਵੀ ਨਹੀਂ ਸੰਕੋਚਦੇ। ਪਿਛਲੇ ਸਮੇਂ ਦੀਆਂ ਦੁਖਦਾਈ ਘਟਨਾਵਾਂ ਇਸ ਗੱਲ ਦੀ ਪ੍ਰਤੱਖ ਗਵਾਹੀ ਭਰਦੀਆਂ ਹਨ ਕਿ ਲਿਵ-ਇਨ ਰਿਲੇਸ਼ਨਸ਼ਿਪ ਦੇ ਨਤੀਜੇ ਕਿੰਨੇ ਭਿਆਨਕ ਨਿਕਲ ਸਕਦੇ ਹਨ। ਉਤਰ ਪ੍ਰਦੇਸ਼ ਦੇ ਗਾਜ਼ੀਪੁਰ ਜ਼ਿਲ੍ਹੇ ਵਿੱਚ ਰਾਜੀਵ ਯਾਦਵ ਵੱਲੋਂ ਆਪਣੀ ਲਿਵ-ਇਨ ਸਾਥਣ ਗੀਤਾ ਯਾਦਵ ਨੂੰ ਮੁੰਬਈ ਵਾਪਸ ਲਿਜਾਣ ਦੇ ਦਬਾਅ ਦੌਰਾਨ ਹੋਈ ਤਕਰਾਰ ਵਿੱਚ ਸਿਰ ਵਿੱਚ ਇੱਟ ਮਾਰ ਕੇ ਕੀਤੀ ਗਈ ਹੱਤਿਆ ਇਸ ਦੀ ਇੱਕ ਘਿਨਾਉਣੀ ਮਿਸਾਲ ਹੈ। ਇਸੇ ਤਰ੍ਹਾਂ ਬੈਂਗਲੁਰੂ ਵਿੱਚ ਬਿੰਦੂ ਨਾਮਕ ਔਰਤ ਵੱਲੋਂ ਆਪਣੇ ਲਿਵ-ਇਨ ਪਾਰਟਨਰ ਮੋਹਨ ਰਾਓ ਨੂੰ ਸ਼ਰਾਬ ਪਿਲਾ ਕੇ ਚਾਕੂਆਂ ਨਾਲ ਮਾਰ ਦੇਣਾ ਅਤੇ ਪਲਾਸਟਿਕ ਨਾਲ ਮੂੰਹ-ਨੱਕ ਬੰਦ ਕਰ ਦੇਣਾ, ਤਾਂ ਜੋ ਉਹ ਆਪਣੇ ਦੂਜੇ ਪ੍ਰੇਮੀ ਨਾਲ ਵਿਆਹ ਕਰਵਾ ਸਕੇ, ਮਨੁੱਖੀ ਰਿਸ਼ਤਿਆਂ ਦਾ ਘਾਣ ਹੈ। ਇਸ ਤੋਂ ਇਲਾਵਾ, ਹਰਿਆਣਾ ਦੇ ਜਗਾਧਰੀ ਵਿਖੇ 33 ਸਾਲਾ ਗੁੱਜਨ ਦਾ ਕਤਲ ਉਸ ਦੀ 50 ਸਾਲਾ ਲਿਵ-ਇਨ ਪਾਰਟਨਰ ਸੁਸ਼ਮਾ ਉਰਫ਼ ਰਾਣੀ ਅਤੇ ਉਸ ਦੇ ਪੁੱਤਰ ਵੱਲੋਂ ਮਿਲ ਕੇ ਕਰਨਾ, ਜਦੋਂ ਕਿ ਗੁੱਜਨ ਨਸ਼ੇ ਦਾ ਆਦੀ ਸੀ ਅਤੇ ਲੜਾਈ-ਝਗੜਾ ਕਰਦਾ ਸੀ, ਇਨ੍ਹਾਂ ਰਿਸ਼ਤਿਆਂ ਦੀ ਕਾਲੀ ਹਕੀਕਤ ਨੂੰ ਬਿਆਨ ਕਰਦਾ ਹੈ। ਅਜਿਹੇ ਮਾਮਲਿਆਂ ਵਿੱਚ ਨਸ਼ਿਆਂ ਦੀ ਲਤ ਅਤੇ ਪਹਿਲੇ ਵਿਆਹਾਂ ਦੀਆਂ ਗੁੰਝਲਾਂ ਇਨ੍ਹਾਂ ਹਾਲਾਤ ਨੂੰ ਹੋਰ ਵੀ ਜ਼ਿਆਦਾ ਖ਼ਤਰਨਾਕ ਅਤੇ ਜਾਨਲੇਵਾ ਬਣਾ ਦਿੰਦੀਆਂ ਹਨ।



ਕਾਨੂੰਨੀ ਪੱਖੋਂ ਦੇਖਿਆ ਜਾਵੇ ਤਾਂ ਵਿਆਹ ਦੇ ਉਲਟ, ਜਿੱਥੇ ਤਲਾਕ ਦੇ ਨਿਯਮ, ਗੁਜ਼ਾਰਾ ਭੱਤਾ ਅਤੇ ਬੱਚਿਆਂ ਦੀ ਕਸਟਡੀ ਵਰਗੇ ਸਾਰੇ ਪਹਿਲੂ ਸਪੱਸ਼ਟ ਕਾਨੂੰਨਾਂ ਨਾਲ ਸੁਰੱਖਿਅਤ ਹੁੰਦੇ ਹਨ, ਲਿਵ-ਇਨ ਦੇ ਮਾਮਲੇ ਵਿੱਚ ਨਿਯਮ ਅਜੇ ਵੀ ਧੁੰਦਲੇ ਹਨ। ਜਦੋਂ ਰਿਸ਼ਤੇ ਵਿੱਚੋਂ ਬਾਹਰ ਨਿਕਲਣ ਦਾ ਕੋਈ ਸਾਫ਼ ਅਤੇ ਸਵੱਛ ਕਾਨੂੰਨੀ ਰਾਹ ਨਹੀਂ ਦਿਸਦਾ, ਤਾਂ ਵਿਵਾਦ ਅਦਾਲਤਾਂ ਦੀ ਬਜਾਏ ਨਿੱਜੀ ਬਦਲੇ, ਬਲੈਕਮੇਲਿੰਗ ਜਾਂ ਅਪਰਾਧਾਂ ਦਾ ਰੂਪ ਧਾਰਨ ਕਰ ਲੈਂਦੇ ਹਨ। ਇਸ ਸਭ ਤੋਂ ਵੱਧ ਸੰਤਾਪ ਉਨ੍ਹਾਂ ਮਾਸੂਮ ਬੱਚਿਆਂ ਨੂੰ ਭੋਗਣਾ ਪੈਂਦਾ ਹੈ, ਜੋ ਅਜਿਹੇ ਰਿਸ਼ਤਿਆਂ ਦੀ ਕੁੱਖੋਂ ਜਨਮ ਲੈਂਦੇ ਹਨ। ਮਾਪਿਆਂ ਦਾ ਆਪਸੀ ਕਲੇਸ਼, ਰਿਸ਼ਤਿਆਂ ਦਾ ਟੁੱਟਣਾ ਅਤੇ ਸਮਾਜਿਕ ਪਛਾਣ ਦੀ ਘਾਟ ਬੱਚੇ ਦੇ ਨਾਜ਼ੁਕ ਮਨ 'ਤੇ ਡੂੰਘਾ ਮਾਨਸਿਕ ਜ਼ਖ਼ਮ ਛੱਡ ਜਾਂਦੀ ਹੈ, ਜਿਸ ਨਾਲ ਉਨ੍ਹਾਂ ਦਾ ਭਵਿੱਖ ਹਨੇਰੇ ਵਿੱਚ ਡੁੱਬ ਜਾਂਦਾ ਹੈ। ਅਸੀਂ ਅਕਸਰ ਪੱਛਮੀ ਸੱਭਿਆਚਾਰ ਦੀਆਂ ਫ਼ਿਲਮਾਂ ਅਤੇ ਸੋਸ਼ਲ ਮੀਡੀਆ ਤੋਂ ਪ੍ਰਭਾਵਤ ਹੋ ਕੇ ਇਸ ਰੁਝਾਨ ਨੂੰ ਆਧੁਨਿਕਤਾ ਦਾ ਨਾਂਅ ਦੇ ਦਿੰਦੇ ਹਾਂ, ਪਰ ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਪੱਛਮ ਦਾ ਸਮਾਜਿਕ ਅਤੇ ਆਰਥਿਕ ਢਾਂਚਾ ਬਿਲਕੁਲ ਵੱਖਰਾ ਹੈ, ਜਦਕਿ ਸਾਡਾ ਸਮਾਜ ਪਰਵਾਰਕ ਸਾਂਝ, ਕਦਰਾਂ-ਕੀਮਤਾਂ ਅਤੇ ਆਪਸੀ ਮਰਿਆਦਾਵਾਂ ਦੀ ਨੀਂਹ 'ਤੇ ਖੜ੍ਹਾ ਹੈ। ਬਿਨਾਂ ਸੋਚੇ-ਸਮਝੇ ਪੱਛਮ ਦੀ ਅੰਨ੍ਹੀ ਨਕਲ ਕਰਨ ਨਾਲ ਨਾ ਤਾਂ ਨੌਜਵਾਨ ਪੱਛਮੀ ਪ੍ਰਣਾਲੀ ਦੇ ਬਣ ਪਾਉਂਦੇ ਹਨ ਅਤੇ ਨਾ ਹੀ ਆਪਣੇ ਸਮਾਜ ਵਿੱਚ ਮਾਣ-ਸਤਿਕਾਰ ਬਚਾ ਪਾਉਂਦੇ ਹਨ।

ਇਹ ਹਾਲਾਤ ਸਪੱਸ਼ਟ ਕਰਦੇ ਹਨ ਕਿ ਲਿਵ-ਇਨ ਰਿਲੇਸ਼ਨਸ਼ਿਪ ਸਾਡੀ ਸੰਸਕ੍ਰਿਤੀ ਅਤੇ ਮਾਨਸਿਕਤਾ ਦੇ ਬਿਲਕੁਲ ਅਨੁਕੂਲ ਨਹੀਂ। ਜ਼ਿੰਦਗੀ ਸਿਰਫ਼ ਖ਼ਿਆਲੀ ਉਡਾਰੀਆਂ ਜਾਂ ਮਹਿਜ਼ ਆਜ਼ਾਦੀ ਨਾਲ ਨਹੀਂ, ਸਗੋਂ ਜ਼ਿੰਮੇਵਾਰੀ, ਭਾਵਨਾਤਮਕ ਪਰਪੱਕਤਾ ਅਤੇ ਸਮਾਜਿਕ ਸੰਜਮ ਨਾਲ ਚੱਲਦੀ ਹੈ। ਨੌਜਵਾਨਾਂ ਨੂੰ ਚਾਹੀਦਾ ਹੈ ਕਿ ਉਹ ਅਜਿਹੇ ਅਸਥਾਈ ਰਾਹਾਂ 'ਤੇ ਤੁਰਨ ਤੋਂ ਪਹਿਲਾਂ ਡੂੰਘਾਈ ਨਾਲ ਸੋਚ-ਵਿਚਾਰ ਕਰਨ, ਕਿਉਂਕਿ ਸਹੀ ਸਮੇਂ 'ਤੇ ਲਿਆ ਗਿਆ ਸੁਚੇਤ ਫ਼ੈਸਲਾ ਹੀ ਜ਼ਿੰਦਗੀ ਨੂੰ ਤ੍ਰਾਸਦੀ ਤੋਂ ਬਚਾ ਸਕਦਾ ਹੈ।


# ਸੰਪਰਕ : 62831-16797

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਡੀ ਸੀ ਦਫਤਰਾਂ ਅੱਗੇ ਰੈਲੀਆਂ

**ਮੋਗਾ (ਇਕਬਾਲ ਸਿੰਘ ਖਹਿਰਾ)**

ਸਾਂਝਾ ਮੁਲਾਜਮ ਮੰਚ/ਪੈਨਸ਼ਨਰ ਸਾਂਝਾ ਫਰੰਟ ਦੀ ਅਗਵਾਈ 'ਚ ਪੰਜਾਬ ਭਰ ਦੇ ਸਰਕਾਰੀ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ 21 ਅਤੇ 22 ਅਕਤੂਬਰ ਨੂੰ ਦੋ ਦਿਨਾ ਰੋਸ ਧਰਨੇ ਤੇ ਪ੍ਰਦਰਸ਼ਨ ਕਰਨ ਦੇ ਸੱਦੇ 'ਤੇ ਬੁੱਧਵਾਰ ਨੂੰ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਗੇਟ ਤੇ ਡੀ.ਸੀ.ਦਫਤਰ ਦੇ ਸਾਹਮਣੇ ਜਿਲ੍ਹਾ ਪੱਧਰੀ ਮਹਾਂ ਰੈਲੀ ਕੀਤੀ ਗਈ, ਇਸ ਰੈਲੀ ਵਿਚ ਸਾਰੇ ਜਿਲ੍ਹੇ ਤੋਂ ਸੈਂਕੜਿਆਂ ਦੀ ਗਿਣਤੀ ਵਿਚ ਮੁਲਾਜਮ ਅਤੇ ਪੈਨਸ਼ਨਰ ਸਾਥੀਆਂ ਨੇ ਸ਼ਮੂਲੀਅਤ ਕੀਤੀ। ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਵਿਚ ਦਿਗਵਿਜੈਪਾਲ ਸ਼ਰਮਾ ਸੂਬਾ ਪ੍ਰਧਾਨ ਡੀ.ਟੀ.ਐਫ, ਸੁਰਜੀਤ ਸਿੰਘ ਗਗੜਾ, ਕੁਲਦੀਪ ਸਿੰਘ ਜਿਲ੍ਹਾ ਪ੍ਰਧਾਨ ਪੀ.ਐਸ.ਐਮ.ਐਸ.ਯੂ, ਭਜਨ ਸਿੰਘ ਗਿੱਲ ਕਨਵੀਨਰ ਪੰਜਾਬ, ਸੁਰਿੰਦਰ ਰਾਮ ਕੁੱਸਾ, ਬਲੌਰ ਸਿੰਘ ਘਾਲੀ, ਬਲਜਿੰਦਰ ਸਿੰਘ ਧਾਲੀਵਾਲ ਸੂਬਾ ਪ੍ਰਧਾਨ ਮਾਸਟਰ ਕੇਡਰ ਯੂਨੀਅਨ, ਕੁਲਬੀਰ ਸਿੰਘ ਢਿੱਲੋਂ ਸੂਬਾ ਪ੍ਰਧਾਨ ਪੈਰਾਮੈਡੀਕਲ, ਦਲਬੀਰ ਸਿੰਘ ਪ੍ਰਧਾਨ ਡੀ.ਸੀ.ਦਫ਼ਤਰ ਯੂਨੀਅਨ ਸੰਦੀਪ ਕੁਮਾਰ ਜਰਨਲ ਸਕੱਤਰ ਪੀ.ਐਸ.ਐਮ.ਐਸ.ਯੂ. ਸਾਥੀਆਂ ਨੇ ਆਪਣੇ ਭਾਸ਼ਨਾਂ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਰੜੀ ਅਲੋਚਨਾ ਕਰਦਿਆਂ ਕਿਹਾ ਕਿ ਇਸ ਸਰਕਾਰ ਨੇ ਪੰਜਾਬ ਦੇ ਮੁਲਾਜਮ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਅੱਜ ਦੀ ਇਸ ਮਹਾਂ ਰੋਸ ਰੈਲੀ ਵਿਚ ਸਮਸੇਰ ਸਿੰਘ ਜਿਲ੍ਹਾ ਪ੍ਰਧਾਨ ਮਾਸਟਰ ਕੇਡਰ ਯੂਨੀਅਨ,ਜੱਜਪਾਲ ਬਾਜੇਕੇ ਜਿਲ੍ਹਾ ਪ੍ਰਧਾਨ ਗੌ: ਟੀਚਰ ਯੂਨੀਅਨ, ਅਮਨਦੀਪ ਸਿੰਘ ਮਾਛੀਕੇ ਡੀ.ਟੀ.ਐਫ, ਸਵਰਨਜੀਤ ਭਗਤਾ ਡੀ.ਟੀ.ਐਫ ਜਿਲ੍ਹਾ ਪ੍ਰਧਾਨ ਵਿਕਰਮਦੇਵ, ਨੈਬ ਸਿੰਘ ਸਿਹਤ ਵਿਭਾਗ ਗੁਰਜੀਤ ਸਿੰਘ ਮੱਲੀ ਗੌ: ਪੈਨਸਨ ਯੂਨੀ: ਕੁਲਵੰਤ ਸਿੰਘ ਘਾਲੀ ਜੇਲ ਵਿਭਾਗ, ਕਰਮਜੀਤ ਸਿੰਘ ਮਾਣੂਕੇ ਸੂਬਾ ਜਨਰਲ ਸਕੱਤਰ ਨੌਜਵਾਨ ਭਾਰਤ ਸਭਾ, ਗੁਰਜੀਤ ਸਿੰਘ ਮਾਛੀਕੇ ਜਨਰਲ ਸਕੱਤਰ ਅਧਿਆਪਕ ਦਲ ਪੰਜਾਬ, ਸਰਬਜੀਤ ਸਿੰਘ ਦੌਧਰ, ਗੁਰਮੇਲ ਸਿੰਘ ਖੋਟੇ, ਗੌਰ:ਪੈਨਸ਼ਨਰ ਯੂਨੀਅਨ, ਨੇ ਸੰਬੋਧਨ ਕੀਤਾ। ਇਸ ਤੋਂ ਇਲਾਵਾ ਰੋਸ ਰੈਲੀ ਵਿਚ ਗੁਰਮੇਲ ਸਿੰਘ ਸੁਪਰਡੈਂਟ, ਕੁਲਦੀਪ ਸਿੰਘ ਘਾਲੀ, ਡੀ.ਸੀ. ਦਫ਼ਤਰ, ਰਾਜਦੀਪ ਜੈਦਕਾ ਸੀਨੀ: ਮੀਤ ਪ੍ਰਧਾਨ, ਗੁਣਵੀਰ ਸਿੰਘ, ਬਲਤੇਜ ਸਿੰਘ, ਹਰਪ੍ਰੀਤ ਸਿੰਘ ਵਾਟਰ ਸਪਲਾਈ, ਜਸਵਿੰਦਰ ਸਿੰਘ ਸੀਨੀ:ਸਹਾਇਕ, ਵਿਸਾਲ ਕੁਮਾਰ ਸੀਨੀ ਸਹਾਇਕ ਖਜਾਨਾ ਦਫਤਰ, ਪ੍ਰੇਮ ਕੁਮਾਰ ਪੈਨਸ਼ਨਰ ਆਗੂ, ਜਗਰਾਜ ਸਿੰਘ ਜਲਾਲਾਬਾਦੀ, ਮਿਸ: ਖੁਸਪਾਲ ਕੌਰ ਸਟੈਨੋ, ਕੰਵਰਜੀਤ ਸਿੰਘ, ਤਨੀਸਾ, ਪੀ.ਡਬਲਯੂ.ਡੀ. ਵਿਭਾਗ ਮੋਗਾ, ਪਰਮਪਾਲ ਸਿੰਘ ਪ੍ਰਧਾਨ ਸਿੱਖਿਆ ਵਿਭਾਗ, ਅਨਮੋਲ ਰੋਜਗਾਰ ਦਫਤਰ ਕਰਨਵੀਰ ਸਿੰਘ ਸੁਪਰਡੈਂਟ, ਹਰਦੀਪ ਮੱਕੜ, ਅਮਨਪ੍ਰੀਤ ਕੌਰ ਅੱਕੀ ਕੌਰ ਸੋਰਵ ਅਰੋੜਾ ਤੋਂ ਇਲਾਵਾ ਹੋਰ ਸਾਥੀ ਵੱਡੀ ਗਿਣਤੀ ਵਿਚ ਸ਼ਾਮਲ ਸਨ।


ਮੋਗਾ


ਮੁਕਤਸਰ ਸਾਹਿਬ


ਗਿੱਦੜਬਾਹਾ

**ਮਾਨਸਾ (ਆਤਮਾ ਸਿੰਘ ਪਮਾਰ)** : ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਸੱਦੇ 'ਤੇ 21 ਅਤੇ 22 ਅਕਤੂਬਰ ਦੀ ਸਮੂਹਿਕ ਛੁੱਟੀ ਲੈ ਕੇ ਮੁਲਾਜ਼ਮਾਂ ਵੱਲੋਂ ਦਿੱਤੇ ਜਾ ਰਹੇ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨਾਂ ਦੀ ਲੜੀ ਤਹਿਤ ਜ਼ਿਲ੍ਹਾ ਮਾਨਸਾ ਦੇ ਸਮੂਹ ਵਿਭਾਗਾਂ ਦੇ ਮੁਲਾਜ਼ਮਾਂ ਵੱਲੋਂ ਪੀ ਐਸ ਪੀ ਸੀ ਐਲ ਦਫ਼ਤਰ ਮਾਨਸਾ ਵਿਖੇ ਇਕੱਠੇ ਹੋ ਕੇ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਗਿਆ। ਰੈਲੀ ਦੌਰਾਨ ਇਕੱਠੇ ਹੋਏ ਮੁਲਾਜ਼ਮਾਂ ਨੇ ਆਪਣੀਆਂ ਚਿਰੋਕਣੀਆਂ ਲਟਕ ਰਹੀਆਂ ਹੱਕੀ ਮੰਗਾਂ ਦੇ ਸਬੰਧ 'ਚ ਅਤੇ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖ਼ਤ ਨਿਖੇਧੀ ਕਰਦਿਆਂ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਸਰਕਾਰੀ ਦਫ਼ਤਰਾਂ ਚ ਸਮੂਹਿਕ ਛੁੱਟੀ ਹੋਣ ਕਾਰਨ ਛਨਾਟਾ ਛਾਇਆ ਰਿਹਾ। ਰੈਲੀ ਅਤੇ ਧਰਨੇ ਨੂੰ ਪੰਜਾਬ ਸਟੇਟ ਮਨਿਸਟੀਅਲ ਸਰਵਿਸਜ ਯੂਨੀਅਨ ਦੇ ਆਗੂ ਪ੍ਰਤਾਪ ਸਿੰਘ ਖੁਡਾਲ, ਸਿਹਤ ਵਿਭਾਗ ਦੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਵਾਲੀਆ, ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਮਾਨਸਾ ਦੇ ਪ੍ਰਧਾਨ ਤੇ ਕਾਨੂੰਨੀ ਸਲਾਹਕਾਰ ਹਰਪ੍ਰੀਤ ਸਿੰਘ ਬਿੱਟੂ, ਅਮੋਲਕ ਸਿੰਘ ਡੇਲੂਵਾਣਾ, ਲਖਨ ਲਾਲ ਮੌੜ, ਦਰਸ਼ਨ ਸਿੰਘ ਅਲੀਸ਼ੇਰ, ਜਸਵੀਰ ਸਿੰਘ ਭੰਮਾ, ਪ੍ਰਗਟ ਸਿੰਘ ਓਮ ਪ੍ਰਕਾਸ਼, ਸਿਕੰਦਰ ਸਿੰਘ ਘਰਾਗਣਾ, ਆਤਮਾ ਸਿੰਘ ਪਮਾਰ,ਗੁਰਲਾਭ ਸਿੰਘ, ਹਰਪਾਲ ਸਿੰਘ, ਗੁਰਜੀਤ ਸਿੰਘ, ਧਰਵਿੰਦਰ ਸਿੰਘ ਹੀਰੇਵਾਲਾ, ਕਰਮਜੀਤ ਸਿੰਘ ਤਾਮਕੋਟ, ਬਿਕਰ ਸਿੰਘ ਮਾਖਾ, ਜਗਦੇਵ ਸਿੰਘ ਘੁਰਕਣੀ, ਜੱਗਾ ਸਿੰਘ ਅਲੀਸ਼ੇਰ ਰਾਜਵਿੰਦਰ ਸਿੰਘ ਅਤੇ ਪੈਨਸ਼ਨਰਜ਼ ਯੂਨੀਅਨ ਤੋਂ ਦਰਸ਼ਨ ਸਿੰਘ, ਗੁਰਚਰਨ ਸਿੰਘ ਪੰਜਾਬ ਪੁਲਿਸ ਪੈਨਸ਼ਨਰ ਯੂਨੀਅਨ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।ਸ਼ਾਮਲ ਸਨ।ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਸਮਾਜ ਸੇਵੀ ਪਰਵਿੰਦਰ ਸਿੰਘ ਝੋਟਾ ਦੇ ਕਾਤਲਾਂ ਨੂੰ ਜਲਦ ਤੋਂ ਜਲਦ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** : ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਅਪਣਾਈ ਜਾ ਰਹੀ ਵਾਅਦਾ ਖਿਲਾਫ਼ੀ ਨੀਤੀ ਤੋਂ ਸਤਾਏ ਦਰਜਨਾਂ ਵੱਖ-ਵੱਖ ਮੁਲਾਜ਼ਮ, ਪੈਨਸ਼ਨਰਜ਼ ਜਥੇਬੰਦੀਆਂ ਵੱਲੋਂ ਸਾਂਝਾ ਮੁਲਾਜ਼ਮ ਮੰਚ ਅਤੇ ਸਾਂਝੀ ਐਕਸ਼ਨ ਤਾਲਮੇਲ ਕਮੇਟੀ ਦੇ ਝੰਡੇ ਹੇਠ 2 ਦਿਨਾਂ ਦੀ ਸਮੂਹਿਕ ਛੁੱਟੀ ਲੈ ਕੇ ਸੰਘਰਸ਼ ਨੂੰ ਹੋਰ ਤਿੱਖਾ ਕਰ ਦਿੱਤਾ ਗਿਆ ਹੈ, ਜਿਸ ਦੇ ਚਲਦਿਆਂ ਬੁੱਧਵਾਰ ਸੈਂਕੜੇ ਮੁਲਾਜ਼ਮਾਂ ਵੱਲੋਂ ਡੀ.ਸੀ. ਦਫ਼ਤਰ ਦੇ ਬਾਹਰ ਧਰਨਾ ਦੇ ਕੇ ਪ੍ਰਦਰਸ਼ਨ ਕਰਦਿਆਂ ਸਰਕਾਰ ਦੀਆਂ ਨੀਤੀਆਂ ਨੂੰ ਰੱਜ ਕੇ ਭੰਡਿਆ ਗਿਆ। ਇਸ ਮੌਕੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਪੀ.ਐਸ.ਐਮ.ਐਸ.ਯੂ. ਦੇ ਜਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ, ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਅਤੇ ਹੋਰ ਬੁਲਾਰਿਆ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਸਾਢੇ 4 ਸਾਲ ਦੇ ਕਾਰਜਕਾਲ ਦੌਰਾਨ ਮੁਲਾਜ਼ਮਾਂ ਦੀ ਕਿਸੇ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ, ਸਗੋਂ ਮੰਗਾਂ ਪੂਰੀਆਂ ਕਰਨ ਦੇ ਨਾਮ 'ਤੇ ਕਮੇਟੀਆਂ ਬਣਾ ਕੇ ਕੇਵਲ ਸਮਾਂ ਲੰਘਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੱਤਾ ਵਿੱਚ ਆਉਣ ਤੋਂ ਪਹਿਲਾਂ ਖੁਦ ਇਹ ਕਹਿੰਦੇ ਸੀ ਕਿ ਜੇਕਰ ਕਿਸੇ ਮਸਲੇ ਨੂੰ ਲਮਕਾਉਣਾ ਹੈ ਤਾਂ ਉਸ ਲਈ ਕੋਈ ਕਮੇਟੀ ਜਾਂ ਸਿੱਟ ਗਠਿਤ ਕਰ ਦਿਓ, ਫਿਰ ਉਹ ਮਸਲਾ ਲੰਮਾ ਸਮਾ ਲਟਕਦਾ ਰਹੇਗਾ, ਪ੍ਰੰਤੂ ਸਰਕਾਰ ਬਣਨ ਉਪਰੰਤ ਖੁਦ ਅਜਿਹੀਆਂ ਮੁਲਾਜ਼ਮ ਮਾਰੂ ਨੀਤੀਆਂ ਦੀਆਂ ਹੀ ਪੈੜਾਂ 'ਤੇ ਚੱਲਿਆ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਇਹ ਮਹਾਂ ਹੜਤਾਲ ਪੰਜਾਬ ਦੇ ਸਮੁੱਚੇ ਦਫ਼ਤਰਾਂ ਤੋਂ ਲੈ ਕੇ ਸਕੱਤਰੇਤ ਅਤੇ ਡਾਇਰੈਕਟੋਰੇਟਾਂ ਤੱਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਪੂਰਾ ਜ਼ੋਰ ਮੁਲਾਜ਼ਮ ਸੰਘਰਸ਼ਾਂ ਨੂੰ ਫੇਲ ਕਰਨ ਤੇ ਲੱਗਾ ਹੋਇਆ ਹੈ ਪ੍ਰੰਤੂ ਦਿਨ ਪ੍ਰਤੀ ਦਿਨ ਮੁਲਾਜ਼ਮ ਲਾਮਬੰਦ ਹੁੰਦੇ ਜਾ ਰਹੇ ਹਨ।ਇਸ ਰੋਸ ਪ੍ਰਦਰਸ਼ਨ ਦੌਰਾਨ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ, ਡੀ.ਐਮ.ਐਫ. ਦੇ ਆਗੂ ਪਵਨ ਕੁਮਾਰ, ਡੀ.ਟੀ.ਐਫ. ਦੇ ਆਗੂ ਲਖਵੀਰ ਸਿੰਘ ਹਰੀਕੇ, ਪਰਮਿੰਦਰ ਸਿੰਘ, ਜੀ.ਟੀ.ਯੂ. ਦੇ ਮਨੋਹਰ ਲਾਲ ਸ਼ਰਮਾ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਬਲਦੇਵ ਸਿੰਘ, ਜੀ.ਟੀ.ਯੂ. ਵਿਗਿਆਨਕ ਦੇ ਪ੍ਰਗਟ ਜੰਬਰ, ਮਾਸਟਰ ਕਾਰਡ ਯੂਨੀਅਨ, ਬੀ.ਐਡ ਅਧਿਆਪਕ ਫਰੰਟ, 6635 ਈ.ਟੀ.ਟੀ. ਯੂਨੀਅਨ, ਕੰਪਿਊਟਰ ਅਧਿਆਪਕ ਯੂਨੀਅਨ, ਲੈਬਾਰਟਰੀ ਸਟਾਫ ਯੂਨੀਅਨ, ਸਪੈਸ਼ਲ ਕਾਡਰ ਅਧਿਆਪਕ ਫਰੰਟ, ਜਲ ਸਪਲਾਈ ਤੇ ਸੈਨੀਟੇਸ਼ਨ ਯੂਨੀਅਨ ਦੇ ਦਰਸ਼ਨ ਸਿੰਘ ਕਪੂਰ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਕਰਮਜੀਤ ਸਿੰਘ ਸ਼ਰਮਾ, ਪੰਜਾਬ ਰੋਡਵੇਜ਼ ਯੂਨੀਅਨ ਦੇ ਮੇਜਰ ਸਿੰਘ, ਸੀ.ਪੀ.ਐਫ. ਯੂਨੀਅਨ ਦੇ ਜਿਲ੍ਹਾ ਪ੍ਰਧਾਨ ਦੀਪਕ ਕੁਮਾਰ, ਪੀ.ਐਸ.ਯੂ. ਤੋਂ ਸੁਖਪ੍ਰੀਤ ਕੌਰ ਅਤੇ ਮਿੱਡ ਡੇ ਮੀਲ ਵਰਕਰ ਯੂਨੀਅਨ ਤੋਂ ਰਮਨਦੀਪ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** : ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਫਰੰਟ, ਸਾਂਝਾ ਮੁਲਾਜ਼ਮ ਮੰਚ ਅਤੇ ਸਮੂਹ ਅਧਿਆਪਕ ਜਥੇਬੰਦੀਆਂ ਪੰਜਾਬ ਦੇ ਸੱਦੇ 'ਤੇ 21 ਅਕਤੂਬਰ ਨੂੰ ਸਮੂਹਿਕ ਛੁੱਟੀ ਲੈ ਕੇ ਮੁਲਾਜ਼ਮਾਂ ਅਤੇ ਅਧਿਆਪਕਾਂ ਨੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਇਸ ਰੋਸ ਐਕਸ਼ਨ ਦੇ ਸੱਦੇ ਤਹਿਤ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਸਮੂਹ ਸਕੂਲ ਬੰਦ ਰਹੇ। ਵੱਡੀ ਗਿਣਤੀ ਵਿੱਚ ਅਧਿਆਪਕ, ਮੁਲਾਜ਼ਮ ਅਤੇ ਪੈਨਸ਼ਨਰ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਇਕੱਠੇ ਹੋਏ ਅਤੇ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਤੇ ਮੰਗਾਂ ਪ੍ਰਤੀ ਅਪਣਾਏ ਜਾ ਰਹੇ ਅਣਗਹਿਲੀ ਵਾਲੇ ਰਵੱਈਏ ਵਿਰੁੱਧ ਆਪਣਾ ਰੋਸ ਪ੍ਰਗਟ ਕੀਤਾ। ਇਸ ਦੌਰਾਨ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਗੂਆਂ ਨੇ ਸਰਕਾਰ ਦੇ ਚੋਣ ਵਾਅਦਿਆਂ ਅਤੇ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਲੋਕਾਂ ਸਾਹਮਣੇ ਆਪਣਾ ਪੱਖ ਰੱਖਿਆ। ਇਕੱਠ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਪਵਨ ਕੁਮਾਰ, ਲਖਵੀਰ ਸਿੰਘ ਹਰੀਕੇ, ਮਨੋਹਰ ਲਾਲ ਸ਼ਰਮਾ, ਕਰਮਜੀਤ ਸ਼ਰਮਾ, ਖੁਸ਼ਕਰਨ ਸਿੰਘ, ਰਣਜੀਤ ਸਿੰਘ ਭਲਾਈਆਣਾ, ਗੁਰਪ੍ਰੀਤ ਸਿੰਘ, ਰਮਨਜੀਤ ਕੌਰ, ਪੁਸ਼ਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਹੈ, ਜਿਸ ਕਾਰਨ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਹੈ। ਸੁਖਮੰਦਰ ਸਿੰਘ, ਪਰਮਾਤਮਾ ਸਿੰਘ, ਕੁਲਵਿੰਦਰ ਸਿੰਘ, ਪਰਮਿੰਦਰ ਖੋਖਰ, ਜੀਵਨ ਸਿੰਘ, ਬਲਦੇਵ ਸਿੰਘ, ਵਿਕਰਮਜੀਤ ਸਿੰਘ, ਪਰਗਟ ਜੰਬਰ, ਕੁਲਜੀਤ ਸਿੰਘ, ਵਿਕਰਮਜੀਤ ਸਿੰਘ, ਜਗਸੀਰ ਸਿੰਘ, ਮਨਦੀਪ ਸਿੰਘ, ਕੁਲਵੰਤ ਸਿੰਘ, ਹਰਭਜਨ ਸਿੰਘ, ਮੇਜਰ ਸਿੰਘ, ਅਮਰਜੀਤ ਸਿੰਘ, ਚਮਕੌਰ ਸਿੰਘ, ਸਤਨਾਮ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮੁਲਾਜ਼ਮ ਆਗੂਆਂ ਨਾਲ ਹਰ 15 ਦਿਨਾਂ ਬਾਅਦ ਮੀਟਿੰਗ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅਕਤੂਬਰ ਦੇ ਪਹਿਲੇ ਹਫ਼ਤੇ ਹੋਣ ਵਾਲੀ ਮੀਟਿੰਗ ਵਾਰ-ਵਾਰ ਯਾਦ ਕਰਵਾਉਣ ਦੇ ਬਾਵਜੂਦ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਅੱਜ ਸਾਰੇ ਪੰਜਾਬ ਵਿੱਚ ਇਵੇਂ ਹੀ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਅਤੇ ਕੱਲ੍ਹ 22 ਅਕਤੂਬਰ ਨੂੰ ਵੀ ਸਮੂਹ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਭਰਾਤਰੀ ਜਥੇਬੰਦੀਆਂ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਹਰਪ੍ਰੀਤ ਸਿੰਘ ਝਬੇਲਵਾਲੀ ਅਤੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਸੁਖਪ੍ਰੀਤ ਕੌਰ ਨੇ ਵੀ ਸੰਬੋਧਨ ਕੀਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਪੰਜਾਬ ਰੋਡਵੇਜ਼-ਪਨਬੱਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸ਼ੁਰੂ ਕੀਤੀ ਗਈ ਮੁਕੰਮਲ ਹੜਤਾਲ ਦੌਰਾਨ ਬੱਸ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਹੜਤਾਲ ਦੇ ਚੱਲਦਿਆਂ ਬੱਸ ਸਟੈਂਡ 'ਤੇ ਪਹੁੰਚਣ ਵਾਲੀਆਂ ਬੱਸਾਂ ਨੂੰ ਕੰਟਰੈਕਟ ਮੁਲਾਜ਼ਮਾਂ ਵੱਲੋਂ ਉੱਥੇ ਹੀ ਖੜ੍ਹਾ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਨਵੇਂ ਬੱਸ ਸਟੈਂਡ ਵਿਖੇ ਧਰਨਾ ਲਗਾ ਕੇ ਪ੍ਰਦਰਸ਼ਨ ਕਰ ਰਹੇ ਮੁਲਾਜ਼ਮਾਂ ਨੇ ਸਰਕਾਰ ਤੋਂ ਆਪਣੀਆਂ ਮੰਗਾਂ ਜਲਦ ਪ੍ਰਵਾਨ ਕਰਨ ਦੀ ਮੰਗ ਕੀਤੀ ਹੈ।ਪ੍ਰਦਰਸ਼ਨ ਕਰ ਰਹੇ ਕੰਟਰੈਕਟ ਕਾਮਿਆਂ ਦਾ ਕਹਿਣਾ ਹੈ ਕਿ ਉਹ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਸਬੰਧੀ ਸੰਘਰਸ਼ ਕਰ ਰਹੇ ਹਨ ਪਰ ਮੰਗਾਂ ਦਾ ਢੁੱਕਵਾਂ ਹੱਲ ਨਾ ਹੋਣ ਕਾਰਨ ਉਨ੍ਹਾਂ ਨੂੰ ਹੜਤਾਲ ਦਾ ਰਾਹ ਅਖ਼ਤਿਆਰ ਕਰਨਾ ਪਿਆ ਹੈ। ਯੂਨੀਅਨ ਵੱਲੋਂ ਸਪੱਸ਼ਟ ਐਲਾਨ ਕੀਤਾ ਗਿਆ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਅਮਲੀ ਰੂਪ ਵਿੱਚ ਲਾਗੂ ਨਹੀਂ ਕੀਤਾ ਜਾਂਦਾ, ਉਦੋਂ ਤੱਕ ਮੁਕੰਮਲ ਹੜਤਾਲ ਜਾਰੀ ਰਹੇਗੀ।

## ਹਾਦਸੇ 'ਚ ਲੜਕੀ ਦੀ ਮੌਤ, ਮਾਤਾ-ਪਿਤਾ ਤੇ ਭਰਾ ਗੰਭੀਰ



**ਭਵਾਨੀਗੜ੍ਹ (ਰਾਜ ਖੁਰਮੀ)**- ਭਵਾਨੀਗੜ੍ਹ-ਸੁਨਾਮ ਸ਼ਹੀਦ ਊਧਮ ਸਿੰਘ ਮਾਰਗ 'ਤੇ ਪਿੰਡ ਘਰਾਚੋਂ ਨੇੜੇ ਬੁੱਧਵਾਰ ਸਵੇਰੇ ਤਿੰਨ ਕਾਰਾਂ ਵਿਚਕਾਰ ਹੋਈ ਜ਼ਬਰਦਸਤ ਟੱਕਰ ਦੌਰਾਨ ਇਕੋ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ।

ਇਸ ਹਾਦਸੇ ਵਿੱਚ ਪਤੀ-ਪਤਨੀ ਸਮੇਤ ਉਨ੍ਹਾਂ ਦੇ ਪੁੱਤਰ ਅਤੇ ਧੀ ਸਮੇਤ ਚਾਰੇ ਜੀਅ ਗੰਭੀਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਇਲਾਜ ਦੌਰਾਨ 22 ਸਾਲਾ ਧੀ ਅੰਸ਼ਿਕਾ ਦੀ ਮੌਤ ਹੋ ਗਈ। ਪਰਿਵਾਰ ਦੇ ਬਾਕੀ ਤਿੰਨ ਮੈਂਬਰਾਂ ਵਿੱਚੋਂ ਪਿਤਾ ਨੂੰ ਛੱਡ ਕੇ ਦੋ ਹੋਰ ਜ਼ਖ਼ਮੀਆਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਉੱਧਰ, ਹਾਦਸੇ ਵਿੱਚ ਸ਼ਾਮਲ ਦੂਜੀਆਂ ਦੋ ਕਾਰਾਂ ਵਿੱਚ ਸਵਾਰ ਤਿੰਨ ਵਿਅਕਤੀ ਵਾਲ-ਵਾਲ ਬਚ ਗਏ।ਪ੍ਰਾਪਤ ਜਾਣਕਾਰੀ ਅਨੁਸਾਰ ਪੰਚਕੂਲਾ ਵਾਸੀ ਮਹਿੰਦਰ ਸ਼ਰਮਾ (48) ਆਪਣੀ ਪਤਨੀ ਮੀਨਾਕਸ਼ੀ (45), ਪੁੱਤਰ ਗੌਤਮ (25) ਅਤੇ ਧੀ ਅੰਸ਼ਿਕਾ (22) ਨਾਲ ਔਰਾ ਕਾਰ ਵਿੱਚ ਸਵਾਰ ਹੋ ਕੇ ਸਿਰਸਾ ਤੋਂ ਪੰਚਕੂਲਾ ਵੱਲ ਜਾ ਰਹੇ ਸਨ।

ਜਦੋਂ ਉਨ੍ਹਾਂ ਦੀ ਕਾਰ ਭਵਾਨੀਗੜ੍ਹ-ਸੁਨਾਮ ਮਾਰਗ 'ਤੇ ਪਿੰਡ ਘਰਾਚੋਂ ਵਿਖੇ ਬਿਆਸ ਸਤਿਸੰਗ ਘਰ ਦੇ ਸਾਹਮਣੇ ਪਹੁੰਚੀ ਤਾਂ ਅਚਾਨਕ ਕਾਰ ਬੇਕਾਬੂ ਹੋ ਕੇ ਸਾਹਮਣੇ ਤੋਂ ਆ ਰਹੀ ਐਮ.ਜੀ. ਕਾਰ ਨਾਲ ਟਕਰਾ ਗਈ। ਇਸ ਦੌਰਾਨ ਐਮ.ਜੀ. ਕਾਰ ਦੇ ਪਿੱਛੇ ਆ ਰਹੀ ਨੈਕਸਨ ਕਾਰ ਵੀ ਹਾਦਸੇ ਦੀ ਲਪੇਟ ਵਿੱਚ ਆ ਗਈ ਅਤੇ ਤਿੰਨਾਂ ਵਾਹਨਾਂ ਦੀ ਜ਼ਬਰਦਸਤ ਟੱਕਰ ਹੋ ਗਈ।

## ਸ਼ਹੀਦ ਜਵਾਨਾਂ ਦੀ ਯਾਦ 'ਚ ਮਨਾਇਆ ਰਾਸ਼ਟਰੀ ਪੁਲਸ ਯਾਦਗਾਰ ਦਿਵਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੁਲਿਸ, ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਬੁੱਧਵਾਰ ਨੂੰ ਪੁਲਿਸ ਲਾਈਨ ਫਿਰੋਜ਼ਪੁਰ ਛਾਉਣੀ ਵਿਖੇ ਸ਼ਹੀਦ ਹੋਏ ਪੁਲਿਸ ਜਵਾਨਾਂ ਦੇ ਸ਼ਹੀਦੀ ਸਮਾਰਕ 'ਤੇ ਫੁੱਲ੍ਹ ਮਾਲਾਵਾਂ ਭੇਟ ਕਰਕੇ ਰਾਸ਼ਟਰੀ ਪੁਲਿਸ ਯਾਦਗਾਰ ਦਿਵਸ ਮਨਾਇਆ ਗਿਆ। ਇਸ ਮੌਕੇ ਡੀ.ਆਈ.ਜੀ. ਫ਼ਿਰੋਜ਼ਪੁਰ ਰੇਂਜ ਸਨੇਹਦੀਪ ਸ਼ਰਮਾ, ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਅਤੇ ਐੱਸ.ਐੱਸ.ਪੀ. ਭੁਪਿੰਦਰ ਸਿੰਘ ਸਿੱਧੂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਡੀ.ਐੱਸ.ਪੀ ਕਰਨ ਸ਼ਰਮਾ ਦੀ ਅਗਵਾਈ ਵਿਚ ਪੁਲਿਸ ਦੇ ਜਵਾਨਾਂ ਵੱਲੋਂ ਹਥਿਆਰ ਉਲਟੇ ਕਰਕੇ ਸ਼ਹੀਦ ਪੁਲਿਸ ਜਵਾਨਾਂ ਨੂੰ ਸਲਾਮੀ ਦਿੱਤੀ ਗਈ ਅਤੇ ਸਾਰੇ ਅਧਿਕਾਰੀਆਂ ਅਤੇ ਮਹਿਮਾਨਾਂ ਵੱਲੋਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਉਪਰੰਤ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਡੀ ਆਈ ਜੀ ਸਨੇਹਦੀਪ ਸ਼ਰਮਾ ਨੇ ਸੰਬੋਧਨ ਕਰਦਿਆਂ ਨੇ ਕਿਹਾ ਕਿ ਦੇਸ਼ ਅਤੇ ਸੂਬੇ ਦੀ ਅਮਨ ਸ਼ਾਂਤੀ ਲਈ ਸ਼ਹਾਦਤਾਂ ਦੇਣ ਵਾਲੇ ਪੁਲਿਸ ਜਵਾਨਾਂ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ 21 ਅਕਤੂਬਰ 1959 ਨੂੰ ਚੀਨੀਆਂ ਵਿਰੁੱਧ ਲੜਾਈ ਦੌਰਾਨ ਲੇਹ ਲੱਦਾਖ ਦੇ ਹੌਟ ਸਪਰਿੰਗ ਇਲਾਕੇ ਵਿਚ ਤਾਇਨਾਤ ਕੀਤੇ ਗਏ ਜਵਾਨਾਂ ਦੀ ਇੱਕ ਟੁਕੜੀ ਤੇ ਚੀਨੀਆਂ ਵੱਲੋਂ ਅਚਾਨਕ ਹਮਲਾ ਕੀਤਾ ਗਿਆ। ਜਿਸ ਵਿਚ ਭਾਰਤੀ ਪੁਲਿਸ ਦੇ 10 ਜਵਾਨ ਸ਼ਹੀਦ ਹੋ ਗਏ ਸਨ। ਜਿਨ੍ਹਾਂ ਦੀ ਯਾਦ ਵਿਚ ਤੇ ਡਿਊਟੀ ਦੌਰਾਨ ਹੋਰ ਮਾਰੇ ਗਏ ਪੁਲਿਸ ਜਵਾਨਾਂ ਦੀ ਯਾਦ ਤਾਜਾ ਰੱਖਣ ਲਈ ਸਾਲ 1960 ਵਿਚ ਸਮੂਹ ਸਟੇਟਾਂ ਦੇ ਆਈ.ਜੀ.ਪੀਜ਼ ਦੀ ਕਾਨਫ਼ਰੰਸ ਵਿਚ ਇਹ ਫ਼ੈਸਲਾ ਕੀਤਾ ਗਿਆ ਸੀ ਕਿ ਹਰ ਸਾਲ ਸਾਰੇ ਦੇਸ਼ ਵਿਚ ਜ਼ਿਲ੍ਹਾ ਹੈੱਡਕੁਆਰਟਰਾਂ ਅਤੇ ਹੋਰ ਪੁਲਿਸ ਯੂਨਿਟਾਂ ਵਿਚ 21 ਅਕਤੂਬਰ ਨੂੰ ਇਹ ਦਿਵਸ ਮਨਾਇਆ ਜਾਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਵੀ ਸ਼ਹੀਦਾਂ ਨੂੰ ਨਮਨ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਦਾ ਗੌਰਵਸ਼ਾਲੀ ਤੇ ਕੁਰਬਾਨੀਆਂ ਭਰਿਆ ਇਤਿਹਾਸ ਹੈ ਅਤੇ ਪੰਜਾਬ ਪੁਲੀਸ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਬਰਕਰਾਰ ਰੱਖਣ ਅਤੇ ਦੇਸ਼ ਵਿੱਚ ਅਮਨ ਸ਼ਾਂਤੀ ਨੂੰ ਬਣਾਈ ਰੱਖਣ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਐੱਸ.ਐੱਸ.ਪੀ. ਭੁਪਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਪੁਲੀਸ ਹਰ ਮੁਸ਼ਕਿਲ ਦੀ ਘੜੀ ਵਿਚ ਸ਼ਹੀਦ ਪਰਿਵਾਰਾਂ ਨਾਲ ਖੜੀ ਹੈ। ਸਟੇਜ ਸੰਚਾਲਨ ਦੀ ਭੂਮਿਕਾ ਲਖਵੀਰ ਸਿੰਘ ਵੱਲੋਂ ਨਿਭਾਈ ਗਈ। ਇਸ ਉਪਰੰਤ ਡੀ.ਆਈ.ਜੀ., ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ. ਵੱਲੋਂ ਸ਼ਹੀਦਾਂ ਦੇ ਪਰਿਵਾਰਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਮੌਕੇ 'ਤੇ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਚੀਫ਼ ਜੁਡੀਸੀਅਲ ਮੈਜਿਸਟਰੇਟ ਫ਼ਿਰੋਜ਼ਪੁਰ ਅਨੂਪ ਸਿੰਘ, ਐੱਸ.ਪੀ. ਮਨਜੀਤ ਸਿੰਘ, ਐੱਸ.ਪੀ. (ਐੱਚ) ਬਲਜੀਤ ਸਿੰਘ, ਡੀ ਐੱਸ ਪੀ ਸੁਖਵਿੰਦਰ ਸਿੰਘ, ਡੀ.ਐੱਸ.ਪੀ. ਬਰਜਿੰਦਰ ਸਿੰਘ, ਡੀ.ਐੱਸ.ਪੀ. ਜ਼ੀਰਾ ਜਸਪਾਲ ਸਿੰਘ ਸਮੇਤ ਸਿਵਲ/ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ, ਹੋਮ ਗਾਰਡਜ਼, ਸ਼ਹੀਦਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।



## ਪਰਗਟ ਸਿੰਘ ਦੀ ਅਗਵਾਈ ਹੇਠ ਪੰਜਾਬ 'ਚ ਕਾਂਗਰਸ ਸਰਕਾਰ ਬਣਾਏਗੀ : ਮਾਂਗਟ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਤੇ ਸਾਬਕਾ ਸਰਪੰਚ ਜਸਵਿੰਦਰ ਸਿੰਘ ਮਾਂਗਟ ਨੇ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਪ੍ਰਗਟ ਸਿੰਘ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ।ਪਾਰਟੀ ਦੀ ਜਥੇਬੰਦਕ ਮਜ਼ਬੂਤੀ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਜਸਵਿੰਦਰ ਸਿੰਘ ਮਾਂਗਟ ਨੇ ਦਾਅਵਾ ਕੀਤਾ ਕਿ ਪ੍ਰਗਟ ਸਿੰਘ ਦੀ ਅਗਵਾਈ ਹੇਠ ਪੰਜਾਬ ਵਿੱਚ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਦੇ ਸਮਰਥਨ ਨਾਲ ਸਰਕਾਰ ਬਣਾਏਗੀ।ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਵਾਲੇ ਆਗੂ ਹਨ ਤੇ ਉਨ੍ਹਾਂ ਦੀ ਅਗਵਾਈ ਪਾਰਟੀ ਨੂੰ ਜਥੇਬੰਦਕ ਤੌਰ 'ਤੇ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।ਮਾਂਗਟ ਨੇ ਕਿਹਾ ਕਿ ਕਾਂਗਰਸ ਸਰਕਾਰਾਂ ਦੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ, ਸੜਕੀ ਢਾਂਚੇ ਅਤੇ ਪੇਂਡੂ ਵਿਕਾਸ ਦੇ ਖੇਤਰਾਂ ਵਿੱਚ ਅਹਿਮ ਕੰਮ ਕੀਤੇ ਗਏ।ਉਨ੍ਹਾਂ ਮਨਰੇਗਾ, ਸਿੱਖਿਆ ਦੇ ਅਧਿਕਾਰ ਕਾਨੂੰਨ ਅਤੇ ਰਾਸ਼ਟਰੀ ਪੇਂਡੂ ਸਿਹਤ ਮਿਸ਼ਨ ਵਰਗੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਪੇਂਡੂ ਪਰਿਵਾਰਾਂ ਨੂੰ ਰੁਜ਼ਗਾਰ ਦੇ ਮੌਕੇ ਦੇਣ ਅਤੇ ਸਿੱਖਿਆ ਤੇ ਸਿਹਤ ਸੇਵਾਵਾਂ ਦੇ ਪਸਾਰ ਵਿੱਚ ਯੋਗਦਾਨ ਪਾਇਆ।



# ਵੱਖ-ਵੱਖ ਥਾਵਾਂ 'ਤੇ ਲੱਗੀਆਂ ਦੁਸਹਿਰੇ ਦੀਆਂ ਰੌਣਕਾਂ


ਮਲੋਟ


ਰਾਮਪੁਰਾ ਫੂਲ


ਅਜੀਤਵਾਲ


ਧੂਰੀ


ਫਤਿਹਗੜ੍ਹ ਸਾਹਿਬ


ਪਟਿਆਲਾ


ਫਿਰੋਜ਼ਪੁਰ


ਸਮਾਣਾ

**ਮਲੋਟ (ਰਜਿੰਦਰ ਜੁਨੇਜਾ)** : ਮਲੋਟ ਵਿਖੇ ਮੰਗਲਵਾਰ ਦੀ ਸ਼ਾਮ ਦੁਸਹਿਰੇ ਦਾ ਪਵਿੱਤਰ ਤਿਉਹਾਰ ਅਥਾਹ ਉਤਸ਼ਾਹ, ਧੂਮਧਾਮ ਅਤੇ ਆਪਸੀ ਭਾਈਚਾਰਕ ਸਾਂਝ ਨਾਲ ਮਨਾਇਆ ਗਿਆ। ਸ਼ਹੀਦ ਭਗਤ ਸਿੰਘ ਕਲੱਬ ਅਤੇ ਨਗਰ ਕੌਂਸਲ ਮਲੋਟ ਦੇ ਸਾਂਝੇ ਸਹਿਯੋਗ ਸਦਕਾ ਕਰਵਾਏ ਗਏ ਇਸ ਵਿਸ਼ਾਲ ਦੁਸਹਿਰਾ ਸਮਾਗਮ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਸਮੁੱਚੇ ਪਰਿਵਾਰ ਸਮੇਤ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਪੂਰੇ ਸ਼ਹਿਰ ਅਤੇ ਆਸ-ਪਾਸ ਦੇ ਪੇਂਡੂ ਖੇਤਰਾਂ ਵਿੱਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸ਼ਹਿਰ ਵਾਸੀ ਸਮਾਗਮ ਦੀ ਸ਼ੋਭਾ ਵਧਾਉਣ ਲਈ ਪਹੁੰਚੇ ਹੋਏ ਸਨ।ਸਮਾਗਮ ਦੌਰਾਨ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਬਲਜੀਤ ਕੌਰ ਨੇ ਦੁਸਹਿਰੇ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ 'ਤੇ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਇਹ ਦਿਹਾੜਾ ਬਦੀ ਉੱਤੇ ਨੇਕੀ ਅਤੇ ਝੂਠ ਉੱਤੇ ਸੱਚ ਦੀ ਜਿੱਤ ਦਾ ਸਦੀਵੀ ਪ੍ਰਤੀਕ ਹੈ।ਉਨ੍ਹਾਂ ਜ਼ੋਰ ਦਿੰਦਿਆਂ ਆਖਿਆ ਕਿ ਦੁਸਹਿਰਾ ਕੇਵਲ ਰਾਵਣ, ਕੁੰਭਕਰਨ ਜਾਂ ਮੇਘਨਾਦ ਦੇ ਪੁਤਲਿਆਂ ਨੂੰ ਸਾੜਨ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਹ ਦਿਨ ਸਾਨੂੰ ਆਪਣੇ ਮਨਾਂ ਅੰਦਰ ਛੁਪੇ ਹੰਕਾਰ, ਕ੍ਰੋਧ, ਈਰਖਾ, ਲਾਲਚ ਅਤੇ ਸਮਾਜਿਕ ਬੁਰਾਈਆਂ ਨੂੰ ਸਦਾ ਲਈ ਖ਼ਤਮ ਕਰਨ ਦਾ ਮਹੱਤਵਪੂਰਨ ਸੁਨੇਹਾ ਦਿੰਦਾ ਹੈ।ਡਾ. ਬਲਜੀਤ ਕੌਰ ਨੇ ਰਿਮੋਟ ਕੰਟਰੋਲ ਦਾ ਬਟਨ ਦਬਾ ਕੇ ਰਾਵਣ, ਕੁੰਭਕਰਨ ਅਤੇ ਮੇਘਨਾਦ ਦੇ ਵਿਸ਼ਾਲ ਪੁਤਲਿਆਂ ਨੂੰ ਅਗਨ ਭੇਟ ਕੀਤਾ। ਪੁਤਲਿਆਂ ਦੇ ਸੜਨ ਦੇ ਨਾਲ ਹੀ ਪੂਰਾ ਆਕਾਸ਼ ਰੰਗ-ਬਿਰੰਗੀ ਅਤੇ ਸ਼ਾਨਦਾਰ ਆਤਿਸ਼ਬਾਜ਼ੀ ਨਾਲ ਜਗਮਗਾ ਉੱਠਿਆ, ਜਿਸ ਨੂੰ ਦੇਖ ਕੇ ਹਾਜ਼ਰ ਦਰਸ਼ਕਾਂ ਨੇ ਜ਼ੋਰਦਾਰ ਤਾੜੀਆਂ ਅਤੇ ਜੈਕਾਰਿਆਂ ਨਾਲ ਖੁਸ਼ੀ ਦਾ ਇਜ਼ਹਾਰ ਕੀਤਾ।ਪੁਤਲਾ ਦਹਿਨ ਤੋਂ ਪਹਿਲਾਂ ਸਮਾਗਮ ਦੇ ਮੰਚ ਤੋਂ ਵੱਖ-ਵੱਖ ਕਲਾਕਾਰਾਂ ਵੱਲੋਂ ਰੰਗਾਰੰਗ ਸੱਭਿਆਚਾਰਕ ਅਤੇ ਧਾਰਮਿਕ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ, ਜਿਨ੍ਹਾਂ ਨੇ ਲੋਕਾਂ ਦਾ ਮਨ ਮੋਹ ਲਿਆ।ਪ੍ਰੋਗਰਾਮ ਦੌਰਾਨ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਸਮੇਤ ਸ਼੍ਰੀ ਰਾਮਾ ਡਰਾਮੈਟਿਕ ਕਲੱਬ, ਕ੍ਰਿਸ਼ਨਾ ਨਗਰ ਮਲੋਟ ਦੇ ਸਮੂਹ ਅਹੁਦੇਦਾਰਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਬਦਲੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਸ਼ੁਭ ਮੌਕੇ ਨਗਰ ਕੌਂਸਲ ਪ੍ਰਧਾਨ ਸਤਿਗੁਰੂਚਰਨ ਗਰਗ (ਜੌਨੀ ਗਰਗ), ਮੀਤ ਪ੍ਰਧਾਨ ਜਸਮੀਤ ਸਿੰਘ ਬਰਾੜ, ਬਲਾਕ ਪ੍ਰਧਾਨ ਸੋਮਨਾਥ ਕਾਲੜਾ, ਆਮ ਆਦਮੀ ਪਾਰਟੀ ਦਫ਼ਤਰ ਇੰਚਾਰਜ ਸਤਪਾਲ ਗਿਰਧਰ, ਟਰੱਕ ਯੂਨੀਅਨ ਦੇ ਪ੍ਰਧਾਨ ਸੁਖਪਾਲ ਚੌਹਾਨ ਅਤੇ ਸਿਟੀਜ਼ਨ ਕਲੱਬ ਦੇ ਪ੍ਰਧਾਨ ਲਵ ਬੱਤਰਾ ਸਮੇਤ ਸ਼ਹੀਦ ਭਗਤ ਸਿੰਘ ਕਲੱਬ ਦੇ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** : ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾ ਫੂਲ ਵਿਖੇ ਦੁਸਹਿਰੇ ਦੇ ਤਿਉਹਾਰ ਦੇ ਮੌਕੇ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਬਾਰੇ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਨੈਤਿਕ ਕਦਰਾਂ-ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੂੰ ਦੁਸਹਿਰੇ ਦੇ ਧਾਰਮਿਕ ਅਤੇ ਸੱਭਿਆਚਾਰਕ ਮਹੱਤਵ ਬਾਰੇ ਜਾਣੂ ਕਰਵਾਇਆ ਗਿਆ। ਨੰਨ੍ਹੇ ਵਿਦਿਆਰਥੀਆਂ ਨੇ ਮੰਚ 'ਤੇ ਮਨਮੋਹਕ ਰਾਮਾਇਣ ਦੀ ਕਥਾ ਪੇਸ਼ ਕਰਦਿਆਂ ਭਗਵਾਨ ਸ਼੍ਰੀ ਰਾਮ ਦੇ ਜੀਵਨ, ਆਦਰਸ਼ਾਂ, ਮਾਤਾ ਸੀਤਾ ਦੇ ਹਰਨ ਅਤੇ ਰਾਵਣ 'ਤੇ ਉਨ੍ਹਾਂ ਦੀ ਜਿੱਤ ਦੀ ਗਾਥਾ ਨੂੰ ਜੀਵੰਤ ਕਰ ਦਿੱਤਾ। ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਅਭਿਨੈ ਅਤੇ ਸੰਵਾਦਾਂ ਰਾਹੀਂ ਸੱਚਾਈ, ਧਰਮ ਅਤੇ ਸਦਾਚਾਰ ਦਾ ਸੰਦੇਸ਼ ਦਿੱਤਾ।ਇਸ ਤੋਂ ਇਲਾਵਾ, ਆਕਰਸ਼ਕ ਝਾਕੀ, ਮਧੁਰ ਗਾਇਨ ਅਤੇ ਮਨਮੋਹਕ ਨਾਚ ਦੀਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਚੇਅਰਮੈਨ ਸ੍ਰੀ ਕਮਲੇਸ਼ ਸਰਾਫ਼ ਨੇ ਕਿਹਾ ਕਿ ਦੁਸਹਿਰਾ ਸਾਨੂੰ ਸੱਚਾਈ, ਧਰਮ ਅਤੇ ਸਦਾਚਾਰ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਅੰਦਰ ਦੀਆਂ ਬੁਰਾਈਆਂ ਨੂੰ ਦੂਰ ਕਰਨ, ਚੰਗੇ ਸੰਸਕਾਰ ਅਪਣਾਉਣ ਅਤੇ ਹਮੇਸ਼ਾ ਸੱਚ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਨੇ ਵਿਦਿਆਰਥੀਆਂ ਨੂੰ ਆਪਣੀਆਂ ਕਮਜ਼ੋਰੀਆਂ 'ਤੇ ਜਿੱਤ ਪ੍ਰਾਪਤ ਕਰਨ ਅਤੇ ਆਤਮ-ਸੁਧਾਰ ਲਈ ਨਿਰੰਤਰ ਯਤਨ ਕਰਨ ਦਾ ਸੰਦੇਸ਼ ਦਿੱਤਾ। ਪ੍ਰੋਗਰਾਮ ਦੇ ਅੰਤ ਵਿੱਚ ਰਾਵਣ ਦਹਨ ਕੀਤਾ ਗਿਆ, ਜੋ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਸੀ।ਰਾਸ਼ਟਰੀ ਗੀਤ ਨਾਲ ਪ੍ਰੋਗਰਾਮ ਦੀ ਸਮਾਪਤੀ ਹੋਈ।

**ਅਜੀਤਵਾਲ (ਨਛੱਤਰ ਸੰਧੂ)** : ਹੋਲੀ ਹਾਰਟ ਸਕੂਲ ਵਿਖੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸ਼ਹਿਰੇ ਦਾ ਤਿਉਹਾਰ ਬੜੀ ਸ਼ਰਧਾ, ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਆਪਣੇ ਅਮੀਰ ਸੱਭਿਆਚਾਰ, ਨੈਤਿਕ ਕਦਰਾਂ-ਕੀਮਤਾਂ ਤੇ ਇਤਿਹਾਸਿਕ ਪਰੰਪਰਾਵਾਂ ਨਾਲ ਜੋੜਨਾ ਸੀ।ਸਮਾਗਮ ਦੀ ਸ਼ੁਰੂਆਤ ਸਕੂਲ ਦੀ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ, ਜਿਸ 'ਚ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ।ਸਕੂਲ ਦੇ ਪ੍ਰਾਂਗਣ ਨੂੰ ਰੰਗ-ਬਿਰੰਗੇ ਫੁੱਲਾਂ, ਝੰਡੀਆਂ ਤੇ ਦੁਸਹਿਰੇ ਨਾਲ ਸੰਬੰਧਿਤ ਚਿੱਤਰਾਂ ਨਾਲ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ।ਵਿਦਿਆਰਥੀਆਂ ਨੇ ਸ਼੍ਰੀ ਰਾਮ ਚੰਦਰ ਜੀ ਦੇ ਜੀਵਨ ਅਤੇ ਰਾਮਾਇਣ ਦੀਆਂ ਪ੍ਰਮੁੱਖ ਘਟਨਾਵਾਂ 'ਤੇ ਆਧਾਰਿਤ ਇੱਕ ਲਘੂ ਨਾਟਕ (ਰਾਮਲੀਲਾ) ਪੇਸ਼ ਕੀਤਾ, ਜਿਸ ਨੂੰ ਦੇਖ ਕੇ ਸਾਰੇ ਮੰਤਰ-ਮੁਗਧ ਹੋ ਗਏ।ਇਸ ਤੋਂ ਇਲਾਵਾ ਬੱਚਿਆਂ ਨੇ ਧਾਰਮਿਕ ਗੀਤਾਂ, ਕਵਿਤਾਵਾਂ ਤੇ ਸੁੰਦਰ ਭਾਸ਼ਣਾਂ ਰਾਹੀਂ ਦੁਸ਼ਹਿਰੇ ਦੇ ਮਹੱਤਵ ਉੱਤੇ ਚਾਨਣਾ ਪਾਇਆ।ਵਿਦਿਆਰਥੀਆਂ ਨੇ ਆਪਣੇ ਭਾਸ਼ਣਾਂ ਵਿੱਚ ਦੱਸਿਆ ਕਿ ਇਹ ਤਿਉਹਾਰ ਸਾਨੂੰ ਅਹੰਕਾਰ, ਝੂਠ ਤੇ ਬੁਰਾਈ ਦਾ ਤਿਆਗ ਕਰਕੇ ਸੱਚ, ਧਰਮ ਅਤੇ ਨੇਕੀ ਦੇ ਰਾਹ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ।ਸਮਾਗਮ ਦੇ ਅੰਤ ਵਿੱਚ ਸਕੂਲ ਦੇ ਮੈਦਾਨ ਵਿੱਚ ਰਾਵਣ ਦਾ ਪੁਤਲਾ ਸਾੜਿਆ ਗਿਆ, ਜਿਸ ਤੋਂ ਬਾਅਦ ਪੂਰਾ ਸਕੂਲ ਜੈ ਸ਼੍ਰੀ ਰਾਮ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।ਸਕੂਲ ਪ੍ਰਬੰਧਕ ਕਮੇਟੀ ਚੇਅਰਮੈਨ ਸ਼ੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਅਤੇ ਰਮਨ ਅਰੋੜਾ ਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਸਮੂਹ ਸਟਾਫ਼, ਵਿਦਿਆਰਥੀਆਂ ਤੇ ਮਾਪਿਆਂ ਨੂੰ ਦੁਸਹਿਰੇ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ।

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** : ਮੰਗਲਵਾਰ ਨੂੰ ਸ੍ਰੀ ਰਾਮ ਲੀਲਾ ਸਭਾ (ਨਗਰ ਕੌਂਸਲ ਮੈਦਾਨ) ਧੂਰੀ ਵੱਲੋਂ ਦੁਸ਼ਹਿਰੇ ਦਾ ਮੇਲਾ ਧੂਮ-ਧਾਮ ਨਾਲ ਮਨਾਇਆ ਗਿਆ। ਭਗਵਾਨ ਸ੍ਰੀ ਰਾਮ ਦਾ ਡੋਲਾ ਸ਼ਹਿਰ ਦੇ ਵੱਖ-ਵੱਖ ਬਜਾਰਾਂ 'ਚੋਂ ਲੰਘਿਆ, ਜਿਸ ਦਾ ਲੋਕਾਂ ਨੇ ਭਰਵਾਂ ਤੇ ਨਿੱਘਾ ਸਵਾਗਤ ਕੀਤਾ। ਸ਼ੋਭਾ ਯਾਤਰਾ 'ਚ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਕਾਂਗਰਸੀ ਆਗੂ ਹਰਦੀਪ ਸਿੰਘ ਦੌਲਤਪੁਰ, ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ, ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ, ਭਾਜਪਾ ਆਗੂ ਅੰਮ੍ਰਿਤ ਬਰਾੜ ਸਮੇਤ ਵੱਡੀ ਗਿਣਤੀ 'ਚ ਕੌਂਸਲਰਾਂ ਅਤੇ ਪੰਤਵੰਤਿਆਂ ਨੇ ਸ਼ਿਰਕਤ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਿਖੇ ਦੁਸਹਿਰੇ ਦੇ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਸਮਾਗਮ ਵਿੱਚ ਸ਼ਾਮਲ ਹੋ ਕੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਉਪਰੰਤ ਨਵੀਂ ਅਨਾਜ ਮੰਡੀ ਦੇ ਗਰਾਉਂਡ 'ਚ ਰਾਵਣ ਦੇ ਬੁੱਤਾਂ ਨੂੰ ਅਗਨੀ ਭੇਟ ਕੀਤੀ ਗਈ।

**ਰਾਜਪੁਰਾ (ਰਮੇਸ ਕਟਾਰੀਆ)** : ਡੀ ਏ ਵੀ ਪਬਲਿਕ ਸਕੂਲ, ਰਾਜਪੁਰਾ ਵਿਖੇ ਦੁਸਹਿਰਾ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਅਤੇ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਭਗਵਾਨ ਸ਼੍ਰੀ ਰਾਮ ਦੇ ਜੀਵਨ ਤੇ ਆਦਰਸ਼ਾਂ ਤੇ ਵਿਜੇਦਸ਼ਮੀ ਦੀ ਮਹੱਤਤਾ 'ਤੇ ਆਧਾਰਿਤ



ਰਾਜਪੁਰਾ

ਕਵਿਤਾਵਾਂ, ਭਜਨ ਤੇ ਹੋਰ ਪੇਸ਼ਕਾਰੀਆਂ ਪੇਸ਼ ਕੀਤੀਆਂ। ਛੋਟੇ ਬੱਚਿਆਂ ਨੇ ਰਾਮਾਇਣ ਦੇ ਪਾਤਰਾਂ ਦੇ ਰੂਪ ਵਿੱਚ ਸੁੰਦਰ ਢੰਗ ਨਾਲ ਪਹਿਰਾਵਾ ਪਾ ਕੇ ਸਾਰਿਆਂ ਨੂੰ ਮੋਹਿਤ ਕੀਤਾ। ਪ੍ਰਿੰਸੀਪਲ ਅਲਪਨਾ ਪਾਠਕ ਨੇ ਕਿਹਾ ਕਿ ਦੁਸਹਿਰਾ ਝੂਠ ਉੱਤੇ ਸੱਚ ਅਤੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਹਮੇਸ਼ਾ ਸੱਚ ਅਤੇ ਨੇਕੀ ਦੇ ਮਾਰਗ 'ਤੇ ਚੱਲਣ ਲਈ ਉਤਸ਼ਾਹਿਤ ਕੀਤਾ।

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਸਰਹਿੰਦ 'ਚ ਵੱਖ-ਵੱਖ ਥਾਵਾਂ 'ਤੇ ਬੁਰਾਈ 'ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸ਼ਹਿਰੇ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਵੱਖ-ਵੱਖ ਦੁਸਹਿਰਾ ਸਮਾਗਮਾਂ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਦੁਸਹਿਰੇ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਦੁਸਹਿਰਾ ਸਿਰਫ਼ ਇੱਕ ਤਿਉਹਾਰ ਨਹੀਂ ਹੈ ਸਗੋਂ ਸੱਚਾਈ, ਨਿਆਂ ਅਤੇ ਨੇਕੀ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦੇਣ ਵਾਲਾ ਮਹਾਨ ਸੰਦੇਸ਼ ਹੈ। ਭਗਵਾਨ ਸ੍ਰੀ ਰਾਮ ਦੇ ਜੀਵਨ ਤੋਂ ਸਾਨੂੰ ਸਿੱਖਿਆ ਮਿਲਦੀ ਹੈ ਕਿ ਭਾਵੇਂ ਬੁਰਾਈ ਕਿੰਨੀ ਵੀ ਤਾਕਤਵਰ ਕਿਉਂ ਨਾ ਹੋਵੇ, ਅੰਤ ਵਿੱਚ ਜਿੱਤ ਸੱਚਾਈ ਅਤੇ ਧਰਮ ਦੀ ਹੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਇਸ ਤਿਉਹਾਰ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ। ਸਾਨੂੰ ਆਪਣੇ ਅੰਦਰ ਦੀਆਂ ਬੁਰਾਈਆਂ ਨੂੰ ਖ਼ਤਮ ਕਰਕੇ ਸਮਾਜ ਵਿੱਚ ਪਿਆਰ, ਸ਼ਾਂਤੀ, ਆਪਸੀ ਭਾਈਚਾਰੇ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।

**ਸਨੌਰ (ਰਾਜਿੰਦਰ ਸਿੰਘ ਥਿੰਦ)** : ਪੰਜਾਬ 'ਚ ਫ਼ੈਲੇ ਨਸ਼ਿਆਂ ਰੂਪੀ ਰਾਵਣ ਨੂੰ ਇੱਕਜੁੱਟਤਾ ਨਾਲ ਖ਼ਤਮ ਕਰਨ ਦੀ ਲੋੜ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਉਪ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਦੁਸਹਿਰੇ ਦੇ ਪਾਵਨ ਤਿਉਹਾਰ ਨੂੰ ਸਮਰਪਿਤ ਕਸਬਾ ਬਹਾਦਰਗੜ੍ਹ ਦੇ ਸ਼੍ਰੀ ਬੱਦਰੀਨਾਥ ਮੰਦਰ ਵਿਖੇ ਕਰਾਏ ਗਏ ਦੁਸਹਿਰਾ ਉਤਸਵ ਸਮਾਗਮ ਦੌਰਾਨ ਕੀਤਾ।ਮੰਦਰ ਵਿਖੇ ਚੱਲ ਰਹੇ ਰਾਮਲੀਲਾ ਦੇ ਮੰਚਨ ਅਤੇ ਰਾਵਣ ਦਹਨ ਸਮਾਗਮ ਵਿੱਚ ਸੰਧੂ ਮੁੱਖ ਮਹਿਮਾਨ ਵਜੋਂ ਪਹੁੰਚੇ।ਸੰਧੂ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦੇ ਵਗ ਰਹੇ ਹੜ੍ਹ ਨੇ ਨੌਜਵਾਨਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ।ਉਨ੍ਹਾਂ ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਰਕਾਰ ਨੇ ਨਸ਼ਿਆਂ ਵਿਰੁੱਧ ਮੁਹਿੰਮ ਦੀ ਇਸ਼ਤਿਹਾਰਬਾਜ਼ੀ ਤਾਂ ਖ਼ੂਬ ਕੀਤੀ ਹੈ, ਪਰ ਜ਼ਮੀਨੀ ਪੱਧਰ 'ਤੇ ਨਸ਼ਿਆਂ ਦਾ ਬੋਲਬਾਲਾ ਅਜੇ ਵੀ ਜਿਉਂ ਦਾ ਤਿਉਂ ਹੀ ਕਾਇਮ ਹੈ।ਉਨ੍ਹਾਂ ਕਿਹਾ ਕਿ ਬੁਰਾਈ 'ਤੇ ਚੰਗਿਆਈ ਦੀ ਜਿੱਤ ਦੇ ਪ੍ਰਤੀਕ ਇਸ ਪਾਵਨ ਦਿਹਾੜੇ 'ਤੇ ਸਾਨੂੰ ਸਭ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਪੰਜਾਬ ਵਿੱਚ ਵੱਡੇ ਪੱਧਰ 'ਤੇ ਹੋ ਰਹੇ ਨਸ਼ਿਆਂ ਦੇ ਪਸਾਰ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇ।ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਕੱਠੇ ਹੋ ਕੇ ਨਸ਼ਿਆਂ ਰੂਪੀ ਰਾਵਣ ਦਾ ਡਟ ਕੇ ਮੁਕਾਬਲਾ ਕਰਨ, ਤਾਂ ਜੁ ਪੰਜਾਬ ਦੀ ਜਵਾਨੀ ਨੂੰ ਇਸ ਲਾਹਨਤ ਤੋਂ ਬਚਾਇਆ ਜਾ ਸਕੇ।ਇਸ ਮੌਕੇ ਮੰਦਰ ਦੇ ਮੁੱਖ ਸੰਚਾਲਕ ਸ੍ਰੀ ਬ੍ਰਹਮਾ ਨੰਦਗਿਰੀ ਤੇ ਰਾਮਲੀਲਾ ਕਮੇਟੀ ਵੱਲੋਂ ਗੌਰਵ ਸੰਧੂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

**ਸਨੌਰ (ਰਾਜਿੰਦਰ ਸਿੰਘ ਥਿੰਦ)** : ਬਦੀ 'ਤੇ ਨੇਕੀ ਅਤੇ ਝੂਠ 'ਤੇ ਸੱਚ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਹਲਕਾ ਸਨੌਰ ਅੰਦਰ ਪੂਰੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਬਲਬੇੜਾ, ਦੇਵੀਗੜ੍ਹ, ਪਹਾੜੀਪੁਰ, ਬਾਬਾ ਸ਼ੰਕਰ ਗਿਰ ਦੇਵੀਗੜ੍ਹ, ਪੰਜੋਲਾ, ਦੁਸਹਿਰਾ ਗਰਾਉਂਡ ਅਰਬਨ ਅਸਟੇਟ ਤੋਂ ਇਲਾਵਾ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਆਯੋਜਿਤ ਦੁਸਹਿਰਾ ਸਮਾਗਮਾਂ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸਮੂਹ ਇਲਾਕਾ ਵਾਸੀਆਂ ਨੂੰ ਤਿਉਹਾਰ ਦੀ ਵਧਾਈ ਦਿੱਤੀ।ਵੱਖ-ਵੱਖ ਥਾਵਾਂ 'ਤੇ ਪਹੁੰਚਣ 'ਤੇ ਪ੍ਰਬੰਧਕ ਕਮੇਟੀਆਂ ਅਤੇ ਲੋਕਾਂ ਵੱਲੋਂ ਹਲਕਾ ਇੰਚਾਰਜ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਹਡਾਣਾ ਨੇ ਕਿਹਾ ਕਿ ਦੁਸਹਿਰੇ ਦਾ ਪਵਿੱਤਰ ਤਿਉਹਾਰ ਸਾਨੂੰ ਬੁਰਾਈ, ਹੰਕਾਰ ਤੇ ਅਧਰਮ ਦਾ ਤਿਆਗ ਕਰਕੇ ਸੱਚ, ਧਰਮ ਅਤੇ ਨੇਕੀ ਦੇ ਰਸਤੇ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਅਤੇ ਸੱਭਿਆਚਾਰਕ ਤਿਉਹਾਰ ਸਾਡੀ ਆਪਸੀ ਭਾਈਚਾਰਕ ਸਾਂਝ, ਪਿਆਰ ਤੇ ਸਦਭਾਵਨਾ ਨੂੰ ਮਜ਼ਬੂਤ ਕਰਦੇ ਹਨ।ਹਡਾਣਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿੱਚੋਂ ਨਫ਼ਰਤ ਅਤੇ ਬੁਰਾਈਆਂ ਨੂੰ ਖ਼ਤਮ ਕਰਕੇ ਪੰਜਾਬ ਦੀ ਤਰੱਕੀ, ਖ਼ੁਸ਼ਹਾਲੀ ਤੇ ਸ਼ਾਂਤੀ ਲਈ ਇੱਕਜੁੱਟ ਹੋ ਕੇ ਕੰਮ ਕਰਨ।ਵੱਖ-ਵੱਖ ਪ੍ਰੋਗਰਾਮਾਂ ਦੌਰਾਨ ਪ੍ਰਬੰਧਕ ਕਮੇਟੀਆਂ ਵੱਲੋਂ ਰਣਜੋਧ ਸਿੰਘ ਹਡਾਣਾ ਨੂੰ ਸਨਮਾਨ ਚਿੰਨ੍ਹ ਤੇ ਦੋਸ਼ਾਲਾ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸ੍ਰੀ ਰਾਮਾ ਕ੍ਰਿਸ਼ਨਾ ਡਰਾਮੈਟਿਕ ਕਲੱਬ ਵੱਲੋਂ ਕਰਵਾਈ ਗਈ ਰਾਮਲੀਲਾ 'ਚ ਕੁੰਭਕਰਨ ਵਧ, ਮੇਘਨਾਦ ਵਧ ਅਤੇ ਰਾਵਣ ਵਧ ਦੇ ਦ੍ਰਿਸ਼ਾਂ ਦਾ ਸ਼ਾਨਦਾਰ ਮੰਚਨ ਕੀਤਾ ਗਿਆ। ਕਲੱਬ ਦੇ ਸੁਨਹਿਰੀ ਸਟੇਜ 'ਤੇ ਪੇਸ਼ ਕੀਤੇ ਗਏ ਇਨ੍ਹਾਂ ਦ੍ਰਿਸ਼ਾਂ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਨੇ ਰਾਮਲੀਲਾ ਦਾ ਭਰਪੂਰ ਆਨੰਦ ਮਾਣਿਆ ਅਤੇ ਪੰਡਾਲ 'ਜੈ ਸ੍ਰੀ ਰਾਮ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਇਸ ਨਾਈਟ ਦਾ ਨਿਰਦੇਸ਼ਨ ਸ੍ਰੀ ਅਵਿਨਾਸ਼ ਆਨੰਦ ਨੇ ਕੀਤਾ, ਜਦਕਿ ਸੰਗੀਤ ਸ੍ਰੀ ਨਰਿੰਦਰ ਨਰੂਲਾ ਅਤੇ ਸਿਮਰਨਜੀਤ ਸਿੰਘ ਸਨੀ ਵੱਲੋਂ ਤਿਆਰ ਕੀਤਾ ਗਿਆ। ਰਾਮਲੀਲਾ ਦੌਰਾਨ ਦਿਖਾਇਆ ਗਿਆ ਕਿ ਜੰਗ ਵਿੱਚ ਆਪਣੇ ਯੋਧਿਆਂ ਦੀ ਲਗਾਤਾਰ ਹੋ ਰਹੀ ਹਾਰ ਤੋਂ ਪਰੇਸ਼ਾਨ ਹੋ ਕੇ ਰਾਵਣ ਨੇ ਆਪਣੇ ਭਰਾ ਕੁੰਭਕਰਨ ਨੂੰ ਨੀਂਦ ਤੋਂ ਜਗਾਇਆ ਅਤੇ ਯੁੱਧ ਵਿੱਚ ਜਾਣ ਲਈ ਕਿਹਾ। ਜਦੋਂ ਕੁੰਭਕਰਨ ਨੂੰ ਮਾਤਾ ਸੀਤਾ ਦੇ ਹਰਨ ਦੀ ਅਸਲ ਸੱਚਾਈ ਦਾ ਪਤਾ ਲੱਗਿਆ ਤਾਂ ਉਸ ਨੇ ਰਾਵਣ ਨੂੰ ਇਸ ਗਲਤੀ ਲਈ ਫਿਟਕਾਰਿਆ। ਉਸ ਨੇ ਕਿਹਾ ਕਿ ਮਾਤਾ ਸੀਤਾ, ਜੋ ਜਗਦੰਬਾ ਦਾ ਸਰੂਪ ਹਨ, ਦਾ ਹਰਨ ਕਰਨਾ ਬਹੁਤ ਵੱਡੀ ਭੁੱਲ ਹੈ। ਰਾਵਣ ਦੇ ਗੁੱਸੇ ਦੇ ਬਾਵਜੂਦ ਕੁੰਭਕਰਨ ਆਪਣੇ ਕੁਲ ਅਤੇ ਰਾਜ ਦੇ ਸਨਮਾਨ ਦੀ ਰੱਖਿਆ ਲਈ ਯੁੱਧ ਵਿੱਚ ਗਿਆ ਅਤੇ ਬਹਾਦਰੀ ਨਾਲ ਲੜਦਿਆਂ ਪ੍ਰਭੂ ਸ੍ਰੀ ਰਾਮ ਦੇ ਹੱਥੋਂ ਵੀਰਗਤੀ ਨੂੰ ਪ੍ਰਾਪਤ ਹੋਇਆ। ਕਲਾਕਾਰਾਂ ਦੀ ਸ਼ਾਨਦਾਰ ਅਦਾਕਾਰੀ, ਪ੍ਰਭਾਵਸ਼ਾਲੀ ਸੰਵਾਦਾਂ ਅਤੇ ਸੰਗੀਤ ਨੇ ਪੂਰੇ ਮਾਹੌਲ ਨੂੰ ਧਾਰਮਿਕ ਰੰਗ ਵਿੱਚ ਰੰਗ ਦਿੱਤਾ। ਦਰਸ਼ਕਾਂ ਨੇ ਤਾੜੀਆਂ ਅਤੇ ਜੈਕਾਰਿਆਂ ਨਾਲ ਕਲਾਕਾਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

**ਸਮਾਣਾ (ਇਕਬਾਲ ਸਿੰਘ ਬੱਲ)** : ਬੁਰਾਈ 'ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਪਵਿੱਤਰ ਤਿਉਹਾਰ ਸਮਾਣਾ ਵਿਖੇ ਨਗਰ ਕੌਂਸਲ ਦੇ ਗਰਾਊਂਡ ਵਿੱਚ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸ੍ਰੀ ਕ੍ਰਿਸ਼ਨਾ ਡਰਾਮਾਟਿਕ ਕਲੱਬ ਸਮਾਣਾ ਵੱਲੋਂ ਮਿਰਚੀਆਂ ਮੰਦਰ ਦੇ ਪ੍ਰਧਾਨ ਜਨਾਰਦਨ ਵਰਮਾ, ਵਾਈਸ ਪ੍ਰਧਾਨ ਰਾਮ ਬਾਂਸਲ, ਡਾਇਰੈਕਟਰ ਪ੍ਰਦੀਪ ਸਿੰਗਲਾ 'ਮਾੜੂ' ਅਤੇ ਪ੍ਰੈੱਸ ਸਕੱਤਰ ਸੰਜੇ ਸਿੰਗਲਾ ਦੀ ਅਗਵਾਈ ਹੇਠ ਰਾਮਲੀਲਾ ਦੀ ਸਫ਼ਲ ਸਮਾਪਤੀ ਉਪਰੰਤ ਦੁਸਹਿਰਾ ਸਮਾਗਮ ਕਰਵਾਇਆ ਗਿਆ। ਇਸ ਮੌਕੇ ਰਾਵਣ, ਕੁੰਭਕਰਨ ਅਤੇ ਮੇਘਨਾਥ ਦੇ ਪੁਤਲਿਆਂ ਨੂੰ ਮੁੱਖ ਮਹਿਮਾਨ ਸੁਰਜੀਤ ਸਿੰਘ ਰੱਖੜਾ, ਉੱਘੇ ਉਦਯੋਗਪਤੀ ਗਿਆਨ ਚੰਦ ਕਟਾਰੀਆ ਅਤੇ ਐੱਸ.ਆਰ.ਐੱਸ. ਵਿਦਿਆਪੀਠ ਦੇ ਮੈਨੇਜਿੰਗ ਡਾਇਰੈਕਟਰ ਅਮਿਤ ਸੀ.ਏ. ਵੱਲੋਂ ਅਗਨ ਭੇਟ ਕੀਤਾ ਗਿਆ।ਸਮਾਗਮ ਵਿੱਚ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਕਪੂਰ ਚੰਦ ਬਾਂਸਲ ਅਤੇ ਸਮੂਹ ਕੌਂਸਲਰਾਂ ਨੇ ਵੀ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਆੜ੍ਹਤੀ ਐਸੋਸੀਏਸ਼ਨ ਸਮਾਣਾ ਦੇ ਸਾਬਕਾ ਪ੍ਰਧਾਨ ਤਰਸੇਮ ਗੋਇਲ, ਜੀਵਨ ਗਰਗ, ਕੌਂਸਲਰ ਕੋਮਲ ਮਹੰਤ, ਕੌਂਸਲਰ ਗੋਪਾਲ ਕ੍ਰਿਸ਼ਨ ਗਰਗ ਸਮੇਤ ਕਈ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਯਸ਼ਪਾਲ, ਦੇਵੀ ਦਿਆਲ ਧੀਮਾਨ, ਸੁਰਿੰਦਰ ਗੁਪਤਾ, ਸੁਸ਼ੀਲ ਸ਼ਰਮਾ, ਪ੍ਰਮੋਟਰ ਰੋਹਿਤ ਵਰਮਾ, ਰਾਕੇਸ਼ ਤਗੇਜਾ, ਵਿਜੇ ਡਾਵਰ, ਸੁਸ਼ੀਲ ਪਸਰੀਚਾ, ਗੁਰਦੀਪ ਸਿੰਘ, ਸੀਤਾਰਾਮ ਸਾਂਖਲਾ, ਅਨਿਲ ਤਲਵਾਰ, ਕ੍ਰਿਸ਼ਨ ਬਜਾਜ, ਸ਼ੁਭਮ ਰਾਵਤ, ਪ੍ਰਥਮ ਤਗੇਜਾ, ਕਪਿਲ ਧੀਮਾਨ, ਕ੍ਰਿਸ਼ਨ ਗੋਪਾਲ, ਧਰਮਪਾਲ, ਸੈਂਟੀ ਧੀਮਾਨ, ਮੋਹਿਤ ਮਾਂਟੂ ਸਮੇਤ ਹੋਰ ਵੀ ਕਈ ਪਤਵੰਤੇ ਸੱਜਣ ਮੌਜੂਦ ਸਨ।

